ਯੂਹੰਨਾ ਦੀ ਇੰਜੀਲ 1:1, 3-5, 9-10, 14 (IRV)

# ਸ਼ਬਦ ਹੀ ਪਰਮੇਸ਼ੁਰ ਸੀ... ਉਸ ਵਿੱਚ ਜੀਵਨ ਸੀ, ਅਤੇ ਉਹ ਜੀਵਨ ਇਨਸਾਨ ਲਈ ਚਾਨਣ ਸੀ... ਸ਼ਬਦ ਦੇਹਧਾਰੀ ਹੋ ਗਿਆ

---

ਆਦ ਵਿੱਚ ਸ਼ਬਦ ਸੀ, ਸ਼ਬਦ ਪਰਮੇਸ਼ੁਰ ਦੇ ਨਾਲ ਸੀ ਅਤੇ ਸ਼ਬਦ ਹੀ ਪਰਮੇਸ਼ੁਰ ਸੀ। ... ਸਭ ਕੁਝ ਉਸ ਦੇ ਰਾਹੀਂ ਰਚਿਆ ਗਿਆ; ਉਸ ਤੋਂ ਬਿਨ੍ਹਾਂ ਕੁਝ ਵੀ ਨਹੀਂ ਸੀ ਰਚਿਆ ਗਿਆ। ਉਸ ਵਿੱਚ ਜੀਵਨ ਸੀ, ਅਤੇ ਉਹ ਜੀਵਨ ਇਨਸਾਨ ਲਈ ਚਾਨਣ ਸੀ। ਉਹ ਚਾਨਣ ਹਨੇਰੇ ਵਿੱਚ ਚਮਕਦਾ ਹੈ, ਹਨੇਰੇ ਨੇ ਇਸ ਨੂੰ ਕਬੂਲ ਨਹੀਂ ਕੀਤਾ। ... ਅਸਲ ਚਾਨਣ ਦੁਨੀਆਂ ਵਿੱਚ ਆਉਣ ਵਾਲਾ ਸੀ। ਇਹ ਅਸਲ ਚਾਨਣ ਸੀ ਜੋ ਸਾਰੇ ਮਨੁੱਖਾਂ ਨੂੰ ਰੋਸ਼ਨੀ ਦਿੰਦਾ ਹੈ। ਸ਼ਬਦ ਪਹਿਲਾਂ ਤੋਂ ਹੀ ਜਗਤ ਵਿੱਚ ਸੀ, ਉਸ ਰਾਹੀਂ ਜਗਤ ਰਚਿਆ ਗਿਆ, ਪਰ ਜਗਤ ਨੇ ਉਸ ਨੂੰ ਨਹੀਂ ਪਹਿਚਾਣਿਆ। ... ਸ਼ਬਦ ਦੇਹਧਾਰੀ ਹੋ ਗਿਆ ਅਤੇ ਸਾਡੇ ਵਿੱਚ ਰਿਹਾ, ਅਸੀਂ ਉਸ ਦੀ ਮਹਿਮਾ ਦੇਖੀ ਉਹ ਮਹਿਮਾ ਜੋ ਪਿਤਾ ਦੇ ਇੱਕਲੌਤੇ ਪੁੱਤਰ ਦੀ ਹੈ, ਜੋ ਕਿਰਪਾ ਅਤੇ ਸਚਿਆਈ ਨਾਲ ਭਰਪੂਰ ਸੀ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *3:18-21 (IRV)*

# ਲੋਕਾਂ ਨੇ ਚਾਨਣ ਨੂੰ ਪਸੰਦ ਨਹੀਂ ਕੀਤਾ... ਜੋ ਵਿਅਕਤੀ ਸੱਚਾਈ ਤੇ ਚੱਲਦਾ ਹੈ ਉਹ ਚਾਨਣ ਕੋਲ ਆਉਂਦਾ ਹੈ

---

ਜਿਹੜਾ ਵਿਅਕਤੀ ਪਰਮੇਸ਼ੁਰ ਦੇ ਪੁੱਤਰ ਉੱਤੇ ਵਿਸ਼ਵਾਸ ਕਰਦਾ ਹੈ, ਦੋਸ਼ੀ ਨਹੀਂ ਮੰਨਿਆ ਜਾਵੇਗਾ। ਪਰ ਜੋ ਵਿਅਕਤੀ ਵਿਸ਼ਵਾਸ ਨਹੀਂ ਕਰਦਾ ਉਹ ਪਹਿਲਾਂ ਤੋਂ ਹੀ ਦੋਸ਼ੀ ਮੰਨਿਆ ਗਿਆ ਹੈ। ਕਿਉਂਕਿ ਉਸ ਨੇ ਪਰਮੇਸ਼ੁਰ ਦੇ ਇਕਲੌਤੇ ਪੁੱਤਰ ਉੱਤੇ ਵਿਸ਼ਵਾਸ ਨਹੀਂ ਕੀਤਾ। ਲੋਕਾਂ ਦਾ ਦੋਸ਼ੀ ਬਣਨ ਦਾ ਕਾਰਨ ਇਹ ਹੈ ਕਿ ਚਾਨਣ ਸੰਸਾਰ ਵਿੱਚ ਆ ਚੁੱਕਿਆ ਹੈ, ਪਰ ਲੋਕਾਂ ਨੇ ਚਾਨਣ ਨੂੰ ਪਸੰਦ ਨਹੀਂ ਕੀਤਾ। ਉਹ ਸਿਰਫ਼ ਹਨੇਰੇ ਦੇ ਕੰਮਾਂ ਨੂੰ ਹੀ ਚਾਹੁੰਦੇ ਸਨ। ਕਿਉਂਕਿ ਜਿਹੜੀਆਂ ਗੱਲਾਂ ਉਨ੍ਹਾਂ ਨੇ ਕੀਤੀਆਂ ਉਹ ਭਰਿਸ਼ਟ ਸਨ। ਜਿਹੜਾ ਬੰਦਾ ਪਾਪ ਕਰਦਾ ਹੈ ਉਹ ਚਾਨਣ ਤੋਂ ਨਫ਼ਰਤ ਕਰਦਾ ਹੈ। ਉਹ ਚਾਨਣ ਵੱਲ ਨਹੀਂ ਆਉਂਦਾ, ਕਿਉਂਕਿ ਚਾਨਣ ਉਸ ਦੇ ਬੁਰੇ ਕੰਮਾਂ ਨੂੰ ਪ੍ਰਗਟ ਕਰ ਦੇਵੇਗਾ। ਪਰ ਜੋ ਵਿਅਕਤੀ ਸੱਚਾਈ ਤੇ ਚੱਲਦਾ ਹੈ ਉਹ ਚਾਨਣ ਕੋਲ ਆਉਂਦਾ ਹੈ। ਚਾਨਣ ਇਹ ਸਪੱਸ਼ਟ ਤੌਰ ਤੇ ਵਿਖਾਉਂਦਾ ਹੈ ਕਿ ਜਿਹੜੇ ਕੰਮ ਵਿਅਕਤੀ ਨੇ ਕੀਤੇ ਹਨ ਉਹ ਪਰਮੇਸ਼ੁਰ ਰਾਹੀਂ ਕੀਤੇ ਗਏ ਸਨ।

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ 8:12, 24, 31-32, 34, 36 (IRV)

# ਜੇਕਰ ਤੁਸੀਂ ਮੇਰੇ ਬਚਨਾਂ ਨੂੰ ਮੰਨੋਂਗੇ... ਸੱਚ ਤੁਹਾਨੂੰ ਆਜ਼ਾਦ ਕਰੇਗਾ... ਜਿਹੜਾ ਪਾਪ ਕਰਦਾ ਹੈ, ਉਹ ਪਾਪ ਦਾ ਗੁਲਾਮ ਹੈ... ਜੇਕਰ ਤੁਹਾਨੂੰ ਪੁੱਤਰ ਅਜ਼ਾਦ ਕਰੇ, ਤਾਂ ਤੁਸੀਂ ਸੱਚ-ਮੁੱਚ ਆਜ਼ਾਦ ਹੋ ਜਾਓਗੇ



ਬਾਅਦ ਵਿੱਚ ਯਿਸੂ ਨੇ ਫਿਰ ਲੋਕਾਂ ਨਾਲ ਗੱਲ ਕੀਤੀ ਅਤੇ ਕਿਹਾ, "ਮੈਂ ਸੰਸਾਰ ਦਾ ਚਾਨਣ ਹਾਂ। ਉਹ ਮਨੁੱਖ ਜੋ ਮੇਰੇ ਪਿੱਛੇ ਚੱਲਦਾ, ਉਹ ਕਦੇ ਵੀ ਹਨੇਰੇ ਵਿੱਚ ਨਹੀਂ ਜੀਵੇਗਾ ਸਗੋਂ ਉਸ ਕੋਲ ਜੀਵਨ ਦਾ ਚਾਨਣ ਹੋਵੇਗਾ।" ... ਇਸ ਲਈ ਮੈਂ ਤੁਹਾਨੂੰ ਆਖਿਆ ਸੀ ਕਿ ਤੁਸੀਂ ਆਪਣੇ ਪਾਪਾਂ ਵਿੱਚ ਮਰੋਂਗੇ। ਹਾਂ, ਜੇਕਰ ਤੁਸੀਂ ਵਿਸ਼ਵਾਸ ਨਹੀਂ ਕਰੋਂਗੇ ਕਿ ਮੈਂ ਉਹ ਹਾਂ, ਤਾਂ ਤੁਸੀਂ ਆਪਣੇ ਪਾਪਾਂ ਵਿੱਚ ਮਰ ਜਾਓਗੇ।" ... ਤਾਂ ਯਿਸੂ ਨੇ ਉਨ੍ਹਾਂ ਯਹੂਦੀਆਂ ਨੂੰ ਆਖਿਆ ਜੋ ਉਸ ਤੇ ਵਿਸ਼ਵਾਸ ਕਰਦੇ ਸਨ, "ਜੇਕਰ ਤੁਸੀਂ ਮੇਰੇ ਬਚਨਾਂ ਨੂੰ ਮੰਨੋਂਗੇ ਤਾਂ ਤੁਸੀਂ ਮੇਰੇ ਚੇਲੇ ਹੋਵੋਗੇ। ਤਦ ਤੁਸੀਂ ਸੱਚ ਨੂੰ ਜਾਣੋਗੇ ਤੇ ਸੱਚ ਤੁਹਾਨੂੰ ਆਜ਼ਾਦ ਕਰੇਗਾ।" ... ਯਿਸੂ ਨੇ ਆਖਿਆ, "ਮੈਂ ਤੁਹਾਨੂੰ ਸੱਚ-ਸੱਚ ਆਖਦਾ ਹਾਂ ਕਿ ਹਰੇਕ ਜੋ, ਜਿਹੜਾ ਪਾਪ ਕਰਦਾ ਹੈ, ਉਹ ਪਾਪ ਦਾ ਗੁਲਾਮ ਹੈ। ... ਇਸ ਲਈ ਜੇਕਰ ਤੁਹਾਨੂੰ ਪੁੱਤਰ ਅਜ਼ਾਦ ਕਰੇ, ਤਾਂ ਤੁਸੀਂ ਸੱਚ-ਮੁੱਚ ਆਜ਼ਾਦ ਹੋ ਜਾਓਗੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *15:7, 9, 11-14, 16 (IRV)*

# ਮੇਰੀ ਖੁਸ਼ੀ ਤੁਹਾਡੇ ਵਿੱਚ ਪੂਰੀ ਹੋਵੇ... ਜਿਵੇਂ ਮੈਂ ਤੁਹਾਨੂੰ ਪਿਆਰ ਕੀਤਾ ਹੈ, ਇਸੇ ਤਰ੍ਹਾਂ ਤੁਸੀਂ ਵੀ ਇੱਕ ਦੂਜੇ ਨੂੰ ਪਿਆਰ ਕਰੋ... ਕੋਈ ਆਪਣੇ ਮਿੱਤਰ ਲਈ ਜਾਨ ਦੇ ਦੇਵੇ

---

"ਜੇਕਰ ਤੁਸੀਂ ਮੇਰੇ ਵਿੱਚ ਰਹੋ ਅਤੇ ਮੇਰੀਆਂ ਗੱਲਾਂ ਤੁਹਾਡੇ ਵਿੱਚ ਰਹਿਣ ਤਾਂ ਜੋ ਤੁਸੀਂ ਚਾਹੋ ਸੋ ਮੰਗੋ ਅਤੇ ਉਹ ਦੇ ਦਿੱਤਾ ਜਾਵੇਗਾ।" ... "ਜਿਵੇਂ ਕਿ ਮੇਰੇ ਪਿਤਾ ਨੇ ਮੈਨੂੰ ਪਿਆਰ ਕੀਤਾ ਤਿਵੇਂ ਮੈਂ ਤੁਹਾਨੂੰ ਵੀ ਪਿਆਰ ਕੀਤਾ। ਇਸ ਲਈ ਤੁਸੀਂ ਵੀ ਮੇਰੇ ਪਿਆਰ ਵਿੱਚ ਬਣੇ ਰਹੋ।" ... "ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਆਖੀਆਂ ਹਨ ਤਾਂ ਜੋ ਮੇਰੀ ਖੁਸ਼ੀ ਤੁਹਾਡੇ ਵਿੱਚ ਪੂਰੀ ਹੋਵੇ ਅਤੇ ਤੁਹਾਡੀ ਖੁਸ਼ੀ ਪੂਰੀ ਹੋ ਸਕੇ।" ਤੁਹਾਡੇ ਲਈ ਮੇਰਾ ਇਹ ਹੁਕਮ ਹੈ ਜਿਵੇਂ ਮੈਂ ਤੁਹਾਨੂੰ ਪਿਆਰ ਕੀਤਾ ਹੈ, ਇਸੇ ਤਰ੍ਹਾਂ ਤੁਸੀਂ ਵੀ ਇੱਕ ਦੂਜੇ ਨੂੰ ਪਿਆਰ ਕਰੋ। ਇਸ ਤੋਂ ਵਧੇਰੇ ਕਿਸੇ ਦਾ ਪਿਆਰ ਨਹੀਂ ਜੋ ਕੋਈ ਆਪਣੇ ਮਿੱਤਰ ਲਈ ਜਾਨ ਦੇ ਦੇਵੇ ਤੁਸੀਂ ਮੇਰੇ ਮਿੱਤਰ ਹੋ ਜੇਕਰ ਤੁਸੀਂ ਉਹ ਗੱਲਾਂ ਕਰੋ ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੰਦਾ ਹਾਂ। ... "ਤੁਸੀਂ ਮੈਨੂੰ ਨਹੀਂ ਚੁਣਿਆ, ਪਰ ਮੈਂ ਤੁਹਾਨੂੰ ਚੁਣਿਆ ਹੈ। ਮੈਂ ਤੁਹਾਨੂੰ ਠਹਿਰਾਇਆ ਹੈ ਤਾਂ ਕਿ ਤੁਸੀਂ ਜਾਓ ਅਤੇ ਫਲਦਾਰ ਹੋ ਸਕੋ। ਤੁਹਾਡਾ ਫਲ ਸਦਾ ਤੁਹਾਡੇ ਜੀਵਨ ਵਿੱਚ ਰਹੇ ਤਾਂ ਜੋ ਕੁਝ ਵੀ ਤੁਸੀਂ ਮੇਰੇ ਨਾਮ ਵਿੱਚ ਮੰਗੋਂ ਪਿਤਾ ਤੁਹਾਨੂੰ ਦੇਵੇ।"

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *11:25-26, 40-43 (IRV)*

# ਹਰ ਮਨੁੱਖ, ਜੋ ਜਿਉਂਦਾ ਹੈ ਅਤੇ ਮੇਰੇ ਤੇ ਵਿਸ਼ਵਾਸ ਕਰਦਾ ਹੈ, ਕਦੀ ਨਹੀਂ ਮਰੇਗਾ... ਕੀ ਤੂੰ ਇਸ ਦਾ ਵਿਸ਼ਵਾਸ ਕਰਦੀ ਹੈਂ?

ਯਿਸੂ ਨੇ ਉਸ ਨੂੰ ਆਖਿਆ, "ਮੁਰਦਿਆਂ ਦਾ ਜੀ ਉੱਠਣਾ ਅਤੇ ਜੀਵਨ ਮੈਂ ਹਾਂ। ਜਿਹੜਾ ਮਨੁੱਖ ਮੇਰੇ ਤੇ ਵਿਸ਼ਵਾਸ ਕਰਦਾ ਹੈ ਭਾਵੇਂ ਉਹ ਮਰ ਜਾਏ ਤਾਂ ਵੀ ਉਹ ਜੀਵੇਗਾ। ਹਰ ਮਨੁੱਖ, ਜੋ ਜਿਉਂਦਾ ਹੈ ਅਤੇ ਮੇਰੇ ਤੇ ਵਿਸ਼ਵਾਸ ਕਰਦਾ ਹੈ, ਕਦੀ ਨਹੀਂ ਮਰੇਗਾ। ਮਾਰਥਾ, ਕੀ ਤੂੰ ਇਸ ਦਾ ਵਿਸ਼ਵਾਸ ਕਰਦੀ ਹੈਂ?" ... ਯਿਸੂ ਨੇ ਮਾਰਥਾ ਨੂੰ ਆਖਿਆ, "ਯਾਦ ਕਰ, ਮੈਂ ਤੈਨੂੰ ਕੀ ਕਿਹਾ ਸੀ? ਜੇਕਰ ਤੂੰ ਵਿਸ਼ਵਾਸ ਕਰੇਂਗੀ ਤਾਂ ਤੂੰ ਪਰਮੇਸ਼ੁਰ ਦੀ ਮਹਿਮਾ ਵੇਖੇਂਗੀ।" ਫ਼ੇਰ ਉਨ੍ਹਾਂ ਨੇ ਕਬਰ ਤੋਂ ਪੱਥਰ ਹਟਾਇਆ। ਯਿਸੂ ਨੇ ਉੱਪਰ ਵੇਖਿਆ ਅਤੇ ਆਖਿਆ, "ਹੇ ਪਿਤਾ, ਮੈਂ ਤੇਰਾ ਧੰਨਵਾਦ ਕਰਦਾ ਹਾਂ ਜੋ ਤੂੰ ਮੇਰੀ ਸੁਣੀ ਹੈ। ਮੈਂ ਜਾਣਦਾ ਹਾਂ ਕਿ ਤੂੰ ਮੇਰੀ ਸਦਾ ਸੁਣਦਾ ਹੈਂ, ਪਰ ਇਹ ਗੱਲ ਮੈਂ ਇਸ ਲਈ ਕਹੀ ਕਿਉਂਕਿ ਬਹੁਤ ਸਾਰੇ ਲੋਕ ਇਸ ਸਮੇਂ ਮੇਰੇ ਕੋਲ ਇਕੱਠੇ ਹੋਏ ਹਨ ਤੇ ਮੈਂ ਚਾਹੁੰਦਾ ਹਾਂ ਕਿ ਉਹ ਵਿਸ਼ਵਾਸ ਕਰਨ ਕਿ ਤੂੰ ਮੈਨੂੰ ਭੇਜਿਆ ਹੈ।" ਇਸ ਪ੍ਰਾਰਥਨਾ ਤੋਂ ਬਾਅਦ ਉਹ ਉੱਚੀ ਅਵਾਜ਼ ਨਾਲ ਬੁਲਾਇਆ, "ਲਾਜ਼ਰ, ਬਾਹਰ ਨਿੱਕਲ ਆ।"

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *12:23-26 (IRV)*

# ਜਿਹੜਾ ਮਨੁੱਖ ਆਪਣੀ ਜਾਨ ਨੂੰ ਪਿਆਰ ਕਰਦਾ ਹੈ ਉਹ ਇਸ ਨੂੰ ਗੁਆ ਲਵੇਗਾ... ਜਿਹੜਾ ਮਨੁੱਖ ਮੇਰੀ ਸੇਵਾ ਕਰਦਾ ਹੈ, ਉਸ ਨੂੰ ਮੇਰੇ ਮਗਰ ਚੱਲਣਾ ਚਾਹੀਦਾ ਹੈ



---

**ਯਿਸੂ ਨੇ ਉੱਤਰ ਦਿੱਤਾ, "ਮਨੁੱਖ ਦੇ ਪੁੱਤਰ ਦੀ ਵਡਿਆਈ ਹੋਣ ਦਾ ਸਮਾਂ ਆ ਗਿਆ ਹੈ। ਮੈਂ ਤੁਹਾਨੂੰ ਸੱਚ ਦੱਸਦਾ ਹਾਂ ਕਿ ਜਦ ਤੱਕ ਕਣਕ ਦਾ ਦਾਣਾ ਜ਼ਮੀਨ ਵਿੱਚ ਗਿਰ ਕੇ ਨਾ ਮਰੇ ਇਕੱਲਾ ਦਾਣਾ ਹੀ ਰਹਿੰਦਾ ਹੈ। ਪਰ ਜੇਕਰ ਇਹ ਮਰਦਾ ਹੈ ਤਾਂ ਇਹ ਬਹੁਤ ਸਾਰਾ ਫਲ ਦਿੰਦਾ ਹੈ। ਜਿਹੜਾ ਮਨੁੱਖ ਆਪਣੀ ਜਾਨ ਨੂੰ ਪਿਆਰ ਕਰਦਾ ਹੈ ਉਹ ਇਸ ਨੂੰ ਗੁਆ ਲਵੇਗਾ। ਪਰ ਇਸ ਦੁਨੀਆਂ ਵਿੱਚ ਜਿਹੜਾ ਮਨੁੱਖ ਆਪਣੀ ਜਾਨ ਨੂੰ ਪਿਆਰ ਨਹੀਂ ਕਰਦਾ ਇਸ ਨੂੰ ਸਦੀਪਕ ਜੀਵਨ ਲਈ ਬਚਾ ਲਵੇਗਾ। ਜਿਹੜਾ ਮਨੁੱਖ ਮੇਰੀ ਸੇਵਾ ਕਰਦਾ ਹੈ, ਉਸ ਨੂੰ ਮੇਰੇ ਮਗਰ ਚੱਲਣਾ ਚਾਹੀਦਾ ਹੈ ਤਦ ਮੇਰਾ ਉਹ ਸੇਵਕ, ਜਿੱਥੇ ਵੀ ਮੈਂ ਹਾਂ, ਮੇਰੇ ਨਾਲ ਹੋਵੇਗਾ। ਜਿਹੜਾ ਮੇਰੀ ਸੇਵਾ ਕਰਦਾ ਹੈ, ਪਿਤਾ ਉਸ ਦਾ ਆਦਰ ਕਰਦਾ ਹੈ।"**



*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *14:15, 18-19, 21; 10:27-30 (IRV)*

# ਮੈਂ ਤੁਹਾਨੂੰ ਅਨਾਥ ਨਹੀਂ ਛੱਡਾਂਗਾ... ਜੋ ਮੈਂ ਜਿਉਂਦਾ ਹਾਂ ਤੁਸੀਂ ਵੀ ਜਿਵਾਲੇ ਜਾਉਂਗੇ... ਮੇਰੀਆਂ ਭੇਡਾਂ ਮੇਰੀ ਅਵਾਜ਼ ਨੂੰ ਸੁਣਦੀਆਂ ਹਨ



**"ਜੇਕਰ ਤੁਸੀਂ ਮੈਨੂੰ ਪਿਆਰ ਕਰਦੇ ਹੋ ਤਾਂ ਤੁਸੀਂ ਮੇਰੇ ਹੁਕਮਾਂ ਦੀ ਪਾਲਨਾ ਕਰੋਗੇ। ... ਮੈਂ ਤੁਹਾਨੂੰ ਅਨਾਥ ਨਹੀਂ ਛੱਡਾਂਗਾ। ਮੈਂ ਤੁਹਾਡੇ ਕੋਲ ਆਵਾਂਗਾ। ਇਸ ਸੰਸਾਰ ਦੇ ਲੋਕ ਮੈਨੂੰ ਨਹੀਂ ਵੇਖਣਗੇ ਪਰ ਤੁਸੀਂ ਵੇਖੋਗੇ ਕਿਉਂਕਿ ਜੋ ਮੈਂ ਜਿਉਂਦਾ ਹਾਂ ਤੁਸੀਂ ਵੀ ਜਿਵਾਲੇ ਜਾਉਂਗੇ। ... ਜੇਕਰ ਕੋਈ ਵੀ ਵਿਅਕਤੀ, ਮੇਰੇ ਹੁਕਮਾਂ ਨੂੰ ਜਾਣ ਕੇ ਉਨ੍ਹਾਂ ਦੀ ਪਾਲਨਾ ਕਰਦਾ ਹੈ, ਤਾਂ ਉਹ ਉਹੀ ਹੈ ਜੋ ਸੱਚੀਂ ਮੈਨੂੰ ਪਿਆਰ ਕਰਦਾ ਹੈ। ਮੇਰਾ ਪਿਤਾ ਵੀ ਉਸ ਵਿਅਕਤੀ ਨੂੰ ਪਿਆਰ ਕਰੇਗਾ। ਜਿਹੜਾ ਮਨੁੱਖ ਮੈਨੂੰ ਪਿਆਰ ਕਰਦਾ, ਮੈਂ ਵੀ ਉਸ ਮਨੁੱਖ ਨਾਲ ਪਿਆਰ ਕਰਦਾ ਹਾਂ ਅਤੇ ਆਪਣਾ-ਆਪ ਉਸ ਲਈ ਪ੍ਰਗਟ ਕਰਾਂਗਾ?" ... ਮੇਰੀਆਂ ਭੇਡਾਂ ਮੇਰੀ ਅਵਾਜ਼ ਨੂੰ ਸੁਣਦੀਆਂ ਹਨ। ਮੈਂ ਉਨ੍ਹਾਂ ਨੂੰ ਜਾਣਦਾ ਹਾਂ ਅਤੇ ਉਹ ਮੇਰੇ ਪਿੱਛੇ ਚਲਦੀਆਂ ਹਨ। ਮੈਂ ਆਪਣੀਆਂ ਭੇਡਾਂ ਨੂੰ ਸਦੀਪਕ ਜੀਵਨ ਦਿੰਦਾ ਹਾਂ ਅਤੇ ਉਹ ਕਦੇ ਨਹੀਂ ਮਰਨਗੀਆਂ ਅਤੇ ਨਾ ਕੋਈ ਉਨ੍ਹਾਂ ਨੂੰ ਮੇਰੇ ਤੋਂ ਖੋਹ ਸਕਦਾ ਹੈ। ਮੇਰੇ ਪਿਤਾ ਨੇ ਭੇਡਾਂ ਮੈਨੂੰ ਦਿੱਤੀਆਂ ਹਨ, ਉਹ ਸਭ ਤੋਂ ਮਹਾਨ ਹੈ। ਕੋਈ ਵੀ ਉਨ੍ਹਾਂ ਭੇਡਾਂ ਨੂੰ ਮੇਰੇ ਪਿਤਾ ਦੇ ਹੱਥੋਂ ਖੋਹ ਨਹੀਂ ਸਕਦਾ। ਮੈਂ ਅਤੇ ਪਿਤਾ ਇੱਕ ਹਾਂ।"**

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*



ਯੂਹੰਨਾ ਦੀ ਇੰਜੀਲ *16:22, 27, 31-33 (IRV)*

# ਇਸ ਦੁਨੀਆਂ ਵਿੱਚ ਤੁਸੀਂ ਕਸ਼ਟ ਝੱਲੋਂਗੇ। ਪਰ ਹੌਂਸਲਾ ਰੱਖੋ ਮੈਂ ਸੰਸਾਰ ਨੂੰ ਜਿੱਤ ਲਿਆ ਹੈ

---

ਹੁਣ ਤੁਸੀਂ ਉਦਾਸ ਹੋ ਪਰ ਜਦੋਂ ਮੈਂ ਤੁਹਾਨੂੰ ਫ਼ੇਰ ਵੇਖਾਂਗਾ ਤੁਸੀਂ ਖੁਸ਼ ਹੋਵੋਂਗੇ ਅਤੇ ਉਹ ਖੁਸ਼ੀ ਤੁਹਾਡੇ ਕੋਲੋਂ ਕੋਈ ਨਹੀਂ ਖੋਹ ਸਕਦਾ। … ਪਿਤਾ ਆਪ ਹੀ ਤੁਹਾਨੂੰ ਪਿਆਰ ਕਰਦਾ ਹੈ, ਕਿਉਂਕਿ ਤੁਸੀਂ ਮੈਨੂੰ ਪਿਆਰ ਕੀਤਾ ਹੈ। ਉਹ ਤੁਹਾਨੂੰ ਵੀ ਪਿਆਰ ਕਰਦਾ ਹੈ ਕਿਉਂਕਿ ਤੁਸੀਂ ਵਿਸ਼ਵਾਸ ਕਰਦੇ ਹੋ ਕਿ ਮੈਂ ਪਰਮੇਸ਼ੁਰ ਕੋਲੋਂ ਆਇਆ ਹਾਂ। … ਯਿਸੂ ਨੇ ਪੁੱਛਿਆ, “ਕੀ ਹੁਣ ਤੁਸੀਂ ਵਿਸ਼ਵਾਸ ਕਰਦੇ ਹੋ?” ਇੱਕ ਸਮਾਂ ਆਵੇਗਾ ਜਦੋਂ ਤੁਸੀਂ ਸਭ ਖਿੰਡ ਜਾਵੋਂਗੇ ਅਤੇ ਆਪਣੇ ਘਰਾਂ ਨੂੰ ਮੁੜ ਜਾਵੋਂਗੇ ਅਤੇ ਤੁਸੀਂ ਮੈਨੂੰ ਇਕੱਲਾ ਛੱਡ ਦੇਵੋਂਗੇ। ਉਹ ਸਮਾਂ ਹੁਣ ਆ ਹੀ ਚੁੱਕਿਆ ਹੈ। ਪਰ ਤਾਂ ਵੀ ਮੈਂ ਇਕੱਲਾ ਨਹੀਂ ਹੋਵਾਂਗਾ ਕਿਉਂਕਿ ਪਿਤਾ ਮੇਰੇ ਨਾਲ ਹੈ। “ਮੈਂ ਇਹ ਗੱਲਾਂ ਤੁਹਾਨੂੰ ਇਸ ਲਈ ਆਖੀਆਂ ਹਨ ਤਾਂ ਜੋ ਤੁਸੀਂ ਮੇਰੇ ਵਿੱਚ ਸ਼ਾਂਤੀ ਪਾ ਸਕੋ, ਇਸ ਦੁਨੀਆਂ ਵਿੱਚ ਤੁਸੀਂ ਕਸ਼ਟ ਝੱਲੋਂਗੇ। ਪਰ ਹੌਂਸਲਾ ਰੱਖੋ ਮੈਂ ਸੰਸਾਰ ਨੂੰ ਜਿੱਤ ਲਿਆ ਹੈ।”

***Spiritual Warfare Cards.com***

*Indian Revised Version · CC BY-SA 4.0 · Bridge Connectivity Solutions*

ਯੂਹੰਨਾ ਦੀ ਇੰਜੀਲ *17:17-21, 26 (IRV)*

# ਉਨ੍ਹਾਂ ਨੂੰ ਸੱਚ ਨਾਲ ਆਪਣੀ ਸੇਵਾ ਲਈ ਤਿਆਰ ਕਰ, ਤੇਰਾ ਬਚਨ ਸੱਚ ਹੈ... ਜਿਹੜਾ ਪਿਆਰ ਤੈਨੂੰ ਮੇਰੇ ਨਾਲ ਹੈ, ਉਹੀ ਪਿਆਰ ਉਨ੍ਹਾਂ ਵਿੱਚ ਹੋਵਾਂਗਾ

---

ਉਨ੍ਹਾਂ ਨੂੰ ਸੱਚ ਨਾਲ ਆਪਣੀ ਸੇਵਾ ਲਈ ਤਿਆਰ ਕਰ, ਤੇਰਾ ਬਚਨ ਸੱਚ ਹੈ। ਜਿਵੇਂ ਕਿ ਤੂੰ ਮੈਨੂੰ ਸੰਸਾਰ ਵਿੱਚ ਭੇਜਿਆ ਹੈ, ਮੈਂ ਵੀ ਉਨ੍ਹਾਂ ਨੂੰ ਸੰਸਾਰ ਵਿੱਚ ਭੇਜਿਆ ਹੈ। ਮੈਂ ਉਹਨਾਂ ਲਈ ਆਪਣੇ ਆਪ ਨੂੰ ਪਵਿੱਤਰ ਕਰਦਾ ਹਾਂ, ਤਾਂ ਜੋ ਉਹ ਵੀ ਆਪਣੇ ਆਪ ਨੂੰ ਸੱਚਾਈ ਦੁਆਰਾ ਪਵਿੱਤਰ ਕਰ ਸਕਣ। ਮੈਂ ਇਨ੍ਹਾਂ ਮਨੁੱਖਾਂ ਲਈ ਬੇਨਤੀ ਕਰਦਾ ਹਾਂ ਪਰ ਮੈਂ ਉਨ੍ਹਾਂ ਸਾਰੇ ਲੋਕਾਂ ਲਈ ਵੀ ਬੇਨਤੀ ਕਰਦਾ ਹਾਂ ਜੋ ਇਨ੍ਹਾਂ ਦੇ ਬਚਨ ਸੁਣ ਕੇ ਮੇਰੇ ਵਿੱਚ ਵਿਸ਼ਵਾਸ ਰੱਖਣਗੇ। ਉਹ ਇੱਕ ਜੁੱਟ ਹੋ ਕੇ ਰਹਿਣ। ਜਿਵੇਂ ਹੇ ਪਿਤਾ ਤੂੰ ਮੇਰੇ ਵਿੱਚ ਹੈਂ ਤੇ ਮੈਂ ਤੇਰੇ ਵਿੱਚ ਇਹ ਲੋਕ ਵੀ ਸਾਡੇ ਵਿੱਚ ਇੱਕ ਹੋ ਕੇ ਰਹਿਣ। ਇਸ ਤਰ੍ਹਾਂ ਸੰਸਾਰ ਵਿਸ਼ਵਾਸ ਕਰੇ ਕਿ ਤੂੰ ਮੈਨੂੰ ਭੇਜਿਆ ਹੈ। ... ਮੈਂ ਉਨ੍ਹਾਂ ਨੂੰ ਤੇਰੇ ਬਾਰੇ ਦੱਸਿਆ ਹੈਂ ਅਤੇ ਦੱਸਦਾ ਰਹਾਂਗਾ ਉਨ੍ਹਾਂ ਨੂੰ ਵਿਖਾਵਾਂਗਾ ਕਿ ਜਿਹੜਾ ਪਿਆਰ ਤੈਨੂੰ ਮੇਰੇ ਨਾਲ ਹੈ, ਉਹੀ ਪਿਆਰ ਉਨ੍ਹਾਂ ਵਿੱਚ ਹੋਵਾਂਗਾ।"

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਮਰਕੁਸ ਦੀ ਇੰਜੀਲ 4:38-40 (IRV)

# ਤੁਸੀਂ ਕਿਉਂ ਡਰਦੇ ਹੋ? ਅਜੇ ਤੱਕ ਤੁਹਾਨੂੰ ਵਿਸ਼ਵਾਸ ਨਹੀਂ ਆਇਆ?

---

**ਅਤੇ ਯਿਸੂ ਆਪ ਬੇੜੀ ਦੇ ਪਿਛਲੇ ਸਿਰੇ ਵੱਲ ਇੱਕ ਸਿਰਾਹਣਾ ਰੱਖ ਕੇ ਸੁੱਤੇ ਪਏ ਸਨ। ਤਦ ਉਨ੍ਹਾਂ ਨੇ ਉਹ ਨੂੰ ਜਗਾਇਆ ਅਤੇ ਉਹ ਨੂੰ ਆਖਿਆ, ਗੁਰੂ ਜੀ ਤੁਹਾਨੂੰ ਸਾਡਾ ਕੋਈ ਫ਼ਿਕਰ ਨਹੀਂ ਜੋ ਅਸੀਂ ਡੁੱਬ ਚੱਲੇ ਹਾਂ? ਤਦ ਉਸ ਨੇ ਉੱਠ ਕੇ ਤੂਫ਼ਾਨ ਨੂੰ ਝਿੜਕਿਆ ਅਤੇ ਝੀਲ ਨੂੰ ਕਿਹਾ, ਚੁੱਪ ਕਰ ਥੰਮ੍ਹ ਜਾ! ਅਤੇ ਤੂਫ਼ਾਨ ਥੰਮ੍ਹ ਗਿਆ ਅਤੇ ਵੱਡਾ ਚੈਨ ਹੋ ਗਿਆ। ਉਸ ਨੇ ਉਨ੍ਹਾਂ ਨੂੰ ਕਿਹਾ, ਤੁਸੀਂ ਕਿਉਂ ਡਰਦੇ ਹੋ? ਅਜੇ ਤੱਕ ਤੁਹਾਨੂੰ ਵਿਸ਼ਵਾਸ ਨਹੀਂ ਆਇਆ?**



*Indian Revised Version · CC BY-SA 4.0 · Bridge Connectivity Solutions*

ਮਰਕੁਸ ਦੀ ਇੰਜੀਲ 14:36, 38, 61-62 (IRV)

# ਜਾਗਦੇ ਰਹੋ ਅਤੇ ਪ੍ਰਾਰਥਨਾ ਕਰੋ ਕਿ ਤੁਸੀਂ ਪਰਤਾਵੇ ਵਿੱਚ ਨਾ ਪਓ... ਆਤਮਾ ਤਾਂ ਤਿਆਰ ਹੈ ਪਰ ਸਰੀਰ ਕਮਜ਼ੋਰ ਹੈ



ਅਤੇ ਉਸ ਨੇ ਆਖਿਆ, ਅੱਬਾ, ਹੇ ਪਿਤਾ, ਤੇਰੇ ਕੋਲੋਂ ਸੱਭੋ ਕੁਝ ਹੋ ਸਕਦਾ ਹੈ। ਇਹ ਪਿਆਲਾ ਮੇਰੇ ਕੋਲੋਂ ਹਟਾ ਦੇ ਤਾਂ ਵੀ ਉਹ ਨਾ ਹੋਵੇ ਜਿਹੜਾ ਮੈਂ ਚਾਹੁੰਦਾ ਹਾਂ ਪਰ ਉਹ ਜਿਹੜਾ ਤੂੰ ਚਾਹੁੰਦਾ ਹੈਂ। ... ਜਾਗਦੇ ਰਹੋ ਅਤੇ ਪ੍ਰਾਰਥਨਾ ਕਰੋ ਕਿ ਤੁਸੀਂ ਪਰਤਾਵੇ ਵਿੱਚ ਨਾ ਪਓ, ਆਤਮਾ ਤਾਂ ਤਿਆਰ ਹੈ ਪਰ ਸਰੀਰ ਕਮਜ਼ੋਰ ਹੈ। ... ਪਰ ਉਹ ਚੁੱਪ ਹੀ ਰਿਹਾ ਅਤੇ ਕੁਝ ਜ਼ਵਾਬ ਨਾ ਦਿੱਤਾ ਤਾਂ ਪ੍ਰਧਾਨ ਜਾਜਕ ਨੇ ਫੇਰ ਉਹ ਨੂੰ ਪੁੱਛਿਆ, ਕੀ ਤੂੰ ਮਸੀਹ ਮੁਬਾਰਕ ਪਰਮੇਸ਼ੁਰ ਦਾ ਪੁੱਤਰ ਹੈਂ? ਯਿਸੂ ਨੇ ਆਖਿਆ, ਮੈਂ ਹਾਂ ਅਤੇ ਤੁਸੀਂ ਮਨੁੱਖ ਦੇ ਪੁੱਤਰ ਨੂੰ ਸਰਬ ਸ਼ਕਤੀਮਾਨ ਦੇ ਸੱਜੇ ਹੱਥ ਬਿਰਾਜਮਾਨ ਹੋਇਆ ਅਤੇ ਅਕਾਸ਼ ਦੇ ਬੱਦਲਾਂ ਨਾਲ ਆਉਂਦਾ ਵੇਖੋਗੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ *10:6, 8, 13 (IRV)*

# ਪਰਮੇਸ਼ੁਰ ਵਫ਼ਾਦਾਰ ਹੈ ਜੋ ਤੁਹਾਡੀ ਸ਼ਕਤੀਓਂ ਬਾਹਰ ਤੁਹਾਨੂੰ ਪਰਤਾਵੇ ਵਿੱਚ ਨਹੀਂ ਪੈਣ ਦੇਵੇਗਾ



**ਅਤੇ ਇਹ ਗੱਲਾਂ ਸਾਡੇ ਲਈ ਨਸੀਹਤ ਬਣੀਆਂ ਕਿ ਅਸੀਂ ਮਾੜੀਆਂ ਗੱਲਾਂ ਦੀਆਂ ਕਾਮਨਾਂ ਨਾ ਕਰੀਏ ਜਿਵੇਂ ਉਹਨਾਂ ਨੇ ਕੀਤੀਆਂ ਸਨ। … ਅਤੇ ਅਸੀਂ ਹਰਾਮਕਾਰੀ ਨਾ ਕਰੀਏ ਜਿਵੇਂ ਉਹਨਾਂ ਨੇ ਕੀਤੀ ਅਤੇ ਇੱਕੋ ਦਿਨ ਵਿੱਚ ਤੇਈ ਹਜ਼ਾਰ ਮਰ ਗਏ। … ਤੁਹਾਡੇ ਉੱਤੇ ਇਹੋ ਜਿਹਾ ਕੋਈ ਪਰਤਾਵਾ ਨਹੀਂ ਪਿਆ ਜੋ ਮਨੁੱਖ ਤੋਂ ਨਹੀਂ ਝੱਲਿਆ ਜਾਂਦਾ, ਪਰੰਤੂ ਪਰਮੇਸ਼ੁਰ ਵਫ਼ਾਦਾਰ ਹੈ ਜੋ ਤੁਹਾਡੀ ਸ਼ਕਤੀਓਂ ਬਾਹਰ ਤੁਹਾਨੂੰ ਪਰਤਾਵੇ ਵਿੱਚ ਨਹੀਂ ਪੈਣ ਦੇਵੇਗਾ ਸਗੋਂ ਪਰਤਾਵੇ ਦੇ ਨਾਲ ਹੀ ਬਚ ਜਾਣ ਦਾ ਰਸਤਾ ਵੀ ਕੱਢ ਦੇਵੇਗਾ ਤਾਂ ਜੋ ਤੁਸੀਂ ਸਹਿ ਸਕੋ।**

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ 3:1, 3, 16-17 (IRV)

# ਜਲਣ ਅਤੇ ਝਗੜੇ ਤੁਹਾਡੇ ਵਿੱਚ ਹਨ... ਤੁਸੀਂ ਪਰਮੇਸ਼ੁਰ ਦੀ ਹੈਕਲ ਹੋ... ਪਰਮੇਸ਼ੁਰ ਦੀ ਹੈਕਲ ਪਵਿੱਤਰ ਹੈ

---

ਹੇ ਭਰਾਵੋ, ਮੈਂ ਤੁਹਾਡੇ ਨਾਲ ਇਸ ਤਰ੍ਹਾਂ ਗੱਲ ਨਾ ਕਰ ਸਕਿਆ ਜਿਵੇਂ ਆਤਮਿਕ ਲੋਕਾਂ ਨਾਲ ਸਗੋਂ ਜਿਵੇਂ ਸੰਸਾਰੀ ਲੋਕਾਂ ਨਾਲ ਗੱਲ ਕਰੀਦੀ ਹੈ। ਹਾਂ, ਜਿਵੇਂ ਉਹਨਾਂ ਨਾਲ ਜਿਹੜੇ ਮਸੀਹ ਵਿੱਚ ਨਿਆਣੇ ਹਨ। ... ਤੁਸੀਂ ਹੁਣ ਤੱਕ ਸਰੀਰਕ ਹੋ ਕਿਉਂਕਿ ਜਦੋਂ ਜਲਣ ਅਤੇ ਝਗੜੇ ਤੁਹਾਡੇ ਵਿੱਚ ਹਨ ਤਾਂ ਕੀ ਤੁਸੀਂ ਸਰੀਰਕ ਨਹੀਂ ਅਤੇ ਇਨਸਾਨੀ ਚਾਲ ਨਹੀਂ ਚੱਲਦੇ ਹੋ? ... ਕੀ ਤੁਸੀਂ ਇਹ ਨਹੀਂ ਜਾਣਦੇ ਕਿ ਤੁਸੀਂ ਪਰਮੇਸ਼ੁਰ ਦੀ ਹੈਕਲ ਹੋ ਅਤੇ ਪਰਮੇਸ਼ੁਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੈ? ਜੇ ਕੋਈ ਪਰਮੇਸ਼ੁਰ ਦੀ ਹੈਕਲ ਦਾ ਨਾਸ ਕਰੇ ਤਾਂ ਪਰਮੇਸ਼ੁਰ ਉਹ ਦਾ ਨਾਸ ਕਰੇਗਾ ਕਿਉਂ ਜੋ ਪਰਮੇਸ਼ੁਰ ਦੀ ਹੈਕਲ ਪਵਿੱਤਰ ਹੈ ਅਤੇ ਇਹ ਤੁਸੀਂ ਹੋ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਪਹਿਲੀ ਪੱਤ੍ਰੀ 6:9-13 (IRV)

# ਪ੍ਰਭੂ ਯਿਸੂ ਮਸੀਹ ਦੇ ਨਾਮ ਤੋਂ... ਤੁਸੀਂ ਧੋਤੇ ਗਏ ਅਤੇ ਤੁਸੀਂ ਪਵਿੱਤਰ ਕੀਤੇ ਗਏ ਅਤੇ ਤੁਸੀਂ ਧਰਮੀ ਠਹਿਰਾਏ ਗਏ

ਅਥਵਾ ਤੁਸੀਂ ਨਹੀਂ ਜਾਣਦੇ ਜੋ ਕੁਧਰਮੀ ਲੋਕ ਪਰਮੇਸ਼ੁਰ ਦੇ ਰਾਜ ਦੇ ਅਧਿਕਾਰੀ ਨਹੀਂ ਹੋਣਗੇ? ਧੋਖਾ ਨਾ ਖਾਓ, ਨਾ ਹਰਾਮਕਾਰ, ਨਾ ਮੂਰਤੀ ਪੂਜਕ, ਨਾ ਵਿਭਚਾਰੀ, ਨਾ ਜਨਾਨੜੇ, ਨਾ ਮੁੰਡੇਬਾਜ਼। ਨਾ ਚੋਰ, ਨਾ ਲੋਭੀ, ਨਾ ਸ਼ਰਾਬੀ, ਨਾ ਗਾਲਾਂ ਕੱਢਣ ਵਾਲੇ, ਨਾ ਲੁਟੇਰੇ ਪਰਮੇਸ਼ੁਰ ਦੇ ਰਾਜ ਦੇ ਅਧਿਕਾਰੀ ਹੋਣਗੇ। ਅਤੇ ਤੁਹਾਡੇ ਵਿੱਚੋਂ ਕਈ ਅਜਿਹੇ ਸਨ ਪਰ ਪ੍ਰਭੂ ਯਿਸੂ ਮਸੀਹ ਦੇ ਨਾਮ ਤੋਂ ਅਤੇ ਸਾਡੇ ਪਰਮੇਸ਼ੁਰ ਦੇ ਆਤਮਾ ਤੋਂ ਤੁਸੀਂ ਧੋਤੇ ਗਏ ਅਤੇ ਤੁਸੀਂ ਪਵਿੱਤਰ ਕੀਤੇ ਗਏ ਅਤੇ ਤੁਸੀਂ ਧਰਮੀ ਠਹਿਰਾਏ ਗਏ। ਸਾਰੀਆਂ ਵਸਤਾਂ ਮੇਰੇ ਲਈ ਉਚਿਤ ਹਨ ਪਰੰਤੂ ਸਾਰੀਆਂ ਲਾਭਦਾਇਕ ਨਹੀਂ। ਸਾਰੀਆਂ ਵਸਤਾਂ ਮੇਰੇ ਲਈ ਉੱਚਿਤ ਹਨ ਪਰ ਮੈਂ ਕਿਸੇ ਵਸਤੂ ਦੇ ਅਧੀਨ ਨਹੀਂ ਹੋਵਾਂਗਾ। ਭੋਜਨ ਪੇਟ ਦੇ ਲਈ ਅਤੇ ਪੇਟ ਭੋਜਨ ਦੇ ਲਈ ਪਰੰਤੂ ਪਰਮੇਸ਼ੁਰ ਦੋਵਾਂ ਦਾ ਨਾਸ ਕਰੇਗਾ ਪਰ ਸਰੀਰ ਹਰਾਮਕਾਰੀ ਦੇ ਲਈ ਨਹੀਂ ਸਗੋਂ ਪ੍ਰਭੂ ਦੇ ਲਈ ਹੈ ਅਤੇ ਪ੍ਰਭੂ ਸਰੀਰ ਦੇ ਲਈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਦੂਜੀ ਪੱਤ੍ਰੀ *1:3-4, 8-9 (IRV)*

# ਸਭ ਪ੍ਰਕਾਰ ਦੀ ਸ਼ਾਂਤੀ ਦਾ ਪਰਮੇਸ਼ੁਰ ਹੈ... ਜੋ ਸਾਡੀਆਂ ਸਾਰੀਆਂ ਬਿਪਤਾ ਵਿੱਚ ਸਾਨੂੰ ਦਿਲਾਸਾ ਦਿੰਦਾ ਹੈ



ਮੁਬਾਰਕ ਹੈ ਸਾਡੇ ਪ੍ਰਭੂ ਯਿਸੂ ਮਸੀਹ ਦਾ ਪਰਮੇਸ਼ੁਰ ਅਤੇ ਪਿਤਾ ਜਿਹੜਾ ਦਯਾ ਦਾ ਪਿਤਾ ਅਤੇ ਸਭ ਪ੍ਰਕਾਰ ਦੀ ਸ਼ਾਂਤੀ ਦਾ ਪਰਮੇਸ਼ੁਰ ਹੈ। ਜੋ ਸਾਡੀਆਂ ਸਾਰੀਆਂ ਬਿਪਤਾ ਵਿੱਚ ਸਾਨੂੰ ਦਿਲਾਸਾ ਦਿੰਦਾ ਹੈ ਜੋ ਅਸੀਂ ਉਸੇ ਦਿਲਾਸੇ ਤੋਂ ਜਿਸ ਨੂੰ ਅਸੀਂ ਪਰਮੇਸ਼ੁਰ ਵੱਲੋਂ ਪਾਇਆ ਹੈ ਉਹਨਾਂ ਨੂੰ ਹਰ ਬਿਪਤਾ ਵਿੱਚ ਦਿਲਾਸਾ ਦੇਣ ਯੋਗ ਹੋਈਏ। ... ਹੇ ਭਰਾਵੋ, ਅਸੀਂ ਨਹੀਂ ਚਾਹੁੰਦੇ ਜੋ ਤੁਸੀਂ ਸਾਡੀ ਉਸ ਬਿਪਤਾ ਤੋਂ ਅਣਜਾਣ ਰਹੋ ਜਿਹੜੀ ਅਸਿਯਾ ਵਿੱਚ ਸਾਡੇ ਉੱਤੇ ਆਣ ਪਈ, ਜੋ ਅਸੀਂ ਆਪਣੀ ਸਹਿਨਸ਼ੀਲਤਾ ਤੋਂ ਬਾਹਰ ਦਬਾਏ ਗਏ ਐਥੋਂ ਤੱਕ ਜੋ ਅਸੀਂ ਜੀਉਣ ਦੀ ਆਸ ਛੱਡ ਬੈਠੇ। ਸਗੋਂ ਅਸੀਂ ਆਪਣੇ ਆਪ ਵਿੱਚ ਮੌਤ ਦਾ ਹੁਕਮ ਪਾ ਚੁੱਕੇ ਹਾਂ, ਜੋ ਅਸੀਂ ਆਪਣਾ ਨਹੀਂ ਸਗੋਂ ਪਰਮੇਸ਼ੁਰ ਦਾ ਜਿਹੜਾ ਮੁਰਦਿਆਂ ਨੂੰ ਜਿਉਂਦਾ ਕਰਦਾ ਹੈ ਆਸਰਾ ਰੱਖੀਏ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਕੁਰਿੰਥੀਆਂ ਨੂੰ ਦੂਜੀ ਪੱਤ੍ਰੀ 4:6-7; 1:12 (IRV)

# ਉਹ ਸਾਡਿਆਂ ਦਿਲਾਂ ਵਿੱਚ ਚਮਕਿਆ... ਇਹ ਖ਼ਜ਼ਾਨਾ ਸਾਡੇ ਕੋਲ ਮਿੱਟੀ ਦੇ ਭਾਂਡਿਆਂ ਵਿੱਚ ਹੈ... ਪਰਮੇਸ਼ੁਰ ਦੀ ਵੱਲੋਂ ਮਲੂਮ ਹੋਵੇ, ਨਾ ਕਿ ਸਾਡੀ ਵੱਲੋਂ



ਕਿਉਂ ਜੋ ਪਰਮੇਸ਼ੁਰ ਜਿਸ ਨੇ ਆਖਿਆ ਸੀ ਜੋ ਚਾਨਣ ਹਨੇਰੇ ਵਿੱਚ ਚਮਕੇ, ਉਹ ਸਾਡਿਆਂ ਦਿਲਾਂ ਵਿੱਚ ਚਮਕਿਆ ਜੋ ਪਰਮੇਸ਼ੁਰ ਦੇ ਤੇਜ ਦਾ ਗਿਆਨ ਮਸੀਹ ਦੇ ਚਿਹਰੇ ਵਿੱਚ ਪ੍ਰਕਾਸ਼ ਕਰੇ। ਪਰ ਇਹ ਖ਼ਜ਼ਾਨਾ ਸਾਡੇ ਕੋਲ ਮਿੱਟੀ ਦੇ ਭਾਂਡਿਆਂ ਵਿੱਚ ਹੈ ਤਾਂ ਜੋ ਇਸ ਸਮਰੱਥਾ ਦੀ ਅੱਤ ਵੱਡੀ ਮਹਾਨਤਾ ਪਰਮੇਸ਼ੁਰ ਦੀ ਵੱਲੋਂ ਮਲੂਮ ਹੋਵੇ, ਨਾ ਕਿ ਸਾਡੀ ਵੱਲੋਂ,। ... ਸਾਨੂੰ ਇਸ ਗੱਲ ਤੇ ਮਾਣ ਹੈ ਜੋ ਸਾਡਾ ਵਿਵੇਕ ਗਵਾਹੀ ਦਿੰਦਾ ਹੈ, ਜੋ ਸਾਡਾ ਚਾਲ-ਚਲਣ ਸੰਸਾਰ ਵਿੱਚ ਖ਼ਾਸ ਕਰ ਤੁਹਾਡੇ ਵਿੱਚ ਸਰੀਰਕ ਗਿਆਨ ਤੋਂ ਨਹੀਂ ਸਗੋਂ ਪਰਮੇਸ਼ੁਰ ਦੀ ਕਿਰਪਾ ਤੋਂ ਪਵਿੱਤਰਤਾਈ ਅਤੇ ਨਿਰਦੋਸ਼ਤਾ ਨਾਲ ਜੋ ਪਰਮੇਸ਼ੁਰ ਦੇ ਯੋਗ ਰਿਹਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਗਲਤੀਆਂ ਨੂੰ *2:18-21 (IRV)*

# ਮੈਂ ਮਸੀਹ ਦੇ ਨਾਲ ਸਲੀਬ ਉੱਤੇ ਚੜ੍ਹਾਇਆ ਗਿਆ ਹਾਂ... ਪਰਮੇਸ਼ੁਰ ਦੇ ਪੁੱਤਰ ਉੱਤੇ ਵਿਸ਼ਵਾਸ ਨਾਲ ਜਿਉਂਦਾ ਹਾਂ, ਜਿਸ ਨੇ ਮੈਨੂੰ ਪਿਆਰ ਕੀਤਾ



ਕਿਉਂਕਿ ਜੋ ਮੈਂ ਤੋੜ ਦਿੱਤਾ ਜੇਕਰ ਉਸੇ ਨੂੰ ਫੇਰ ਬਣਾਵਾਂ ਤਾਂ ਮੈਂ ਆਪਣੇ ਆਪ ਨੂੰ ਅਪਰਾਧੀ ਸਾਬਤ ਕਰਦਾ ਹਾਂ। ਇਸ ਲਈ ਜੋ ਮੈਂ ਬਿਵਸਥਾ ਹੀ ਦੇ ਕਾਰਨ ਬਿਵਸਥਾ ਦੀ ਵੱਲੋਂ ਮਰਿਆ ਤਾਂ ਕਿ ਪਰਮੇਸ਼ੁਰ ਲਈ ਜਿਉਂਦਾ ਰਹਾਂ। ਮੈਂ ਮਸੀਹ ਦੇ ਨਾਲ ਸਲੀਬ ਉੱਤੇ ਚੜ੍ਹਾਇਆ ਗਿਆ ਹਾਂ, ਪਰ ਹੁਣ ਮੈਂ ਜਿਉਂਦਾ ਨਹੀਂ ਸਗੋਂ ਮਸੀਹ ਮੇਰੇ ਵਿੱਚ ਜਿਉਂਦਾ ਹੈ ਅਤੇ ਹੁਣ ਜੋ ਮੈਂ ਸਰੀਰ ਵਿੱਚ ਜਿਉਂਦਾ ਹਾਂ ਸੋ ਪਰਮੇਸ਼ੁਰ ਦੇ ਪੁੱਤਰ ਉੱਤੇ ਵਿਸ਼ਵਾਸ ਨਾਲ ਜਿਉਂਦਾ ਹਾਂ, ਜਿਸ ਨੇ ਮੈਨੂੰ ਪਿਆਰ ਕੀਤਾ ਅਤੇ ਆਪਣੇ ਆਪ ਨੂੰ ਮੇਰੇ ਲਈ ਦੇ ਦਿੱਤਾ। ਮੈਂ ਪਰਮੇਸ਼ੁਰ ਦੀ ਕਿਰਪਾ ਨੂੰ ਵਿਅਰਥ ਨਹੀਂ ਸਮਝਦਾ ਕਿਉਂਕਿ ਜੇ ਬਿਵਸਥਾ ਦੇ ਰਾਹੀਂ ਧਾਰਮਿਕਤਾ ਹੁੰਦੀ ਤਾਂ ਮਸੀਹ ਦਾ ਮਰਨਾ ਵਿਅਰਥ ਹੀ ਹੋਇਆ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਗਲਤੀਆਂ ਨੂੰ 6:1-2, 7-9 (IRV)

# ਤੁਸੀਂ ਇੱਕ ਦੂਜੇ ਦੇ ਭਾਰ ਚੁੱਕ ਲਵੋ... ਪਰਮੇਸ਼ੁਰ ਠੱਠਿਆਂ ਵਿੱਚ ਨਹੀਂ ਉਡਾਇਆ ਜਾਂਦਾ... ਮਨੁੱਖ ਜੋ ਕੁਝ ਬੀਜਦਾ ਹੈ ਉਹ ਹੀ ਵੱਢੇਗਾ

---

ਹੇ ਭਰਾਵੋ, ਜੇ ਕੋਈ ਮਨੁੱਖ ਕਿਸੇ ਅਪਰਾਧ ਵਿੱਚ ਫੜਿਆ ਵੀ ਜਾਵੇ ਤਾਂ ਤੁਸੀਂ ਜਿਹੜੇ ਆਤਮਿਕ ਹੋ ਅਜਿਹੇ ਮਨੁੱਖ ਨੂੰ ਨਰਮਾਈ ਦੇ ਸੁਭਾਓ ਨਾਲ ਸੁਧਾਰੋ ਅਤੇ ਤੁਸੀਂ ਆਪਣੀ ਵੀ ਚੌਕਸੀ ਰੱਖੋ ਕਿਤੇ ਤੁਸੀਂ ਵੀ ਪਰਤਾਵੇ ਵਿੱਚ ਨਾ ਪੈ ਜਾਵੋ। ਤੁਸੀਂ ਇੱਕ ਦੂਜੇ ਦੇ ਭਾਰ ਚੁੱਕ ਲਵੋ ਅਤੇ ਇਉਂ ਮਸੀਹ ਦੀ ਬਿਵਸਥਾ ਨੂੰ ਪੂਰਾ ਕਰੋ। ... ਤੁਸੀਂ ਧੋਖਾ ਨਾ ਖਾਓ, ਪਰਮੇਸ਼ੁਰ ਠੱਠਿਆਂ ਵਿੱਚ ਨਹੀਂ ਉਡਾਇਆ ਜਾਂਦਾ ਕਿਉਂਕਿ ਮਨੁੱਖ ਜੋ ਕੁਝ ਬੀਜਦਾ ਹੈ ਉਹ ਹੀ ਵੱਢੇਗਾ। ਜਿਹੜਾ ਆਪਣੇ ਸਰੀਰ ਲਈ ਬੀਜਦਾ ਹੈ ਉਹ ਸਰੀਰ ਦੇ ਰਾਹੀਂ ਬਿਨਾਸ ਦੀ ਵਾਢੀ ਵੱਢੇਗਾ, ਅਤੇ ਜਿਹੜਾ ਆਤਮਾ ਲਈ ਬੀਜਦਾ ਹੈ ਉਹ ਆਤਮਾ ਤੋਂ ਸਦੀਪਕ ਜੀਵਨ ਦੀ ਵਾਢੀ ਵੱਢੇਗਾ। ਅਤੇ ਭਲਿਆਈ ਕਰਦਿਆਂ ਅਸੀਂ ਹੌਂਸਲਾ ਨਾ ਹਾਰੀਏ ਕਿਉਂਕਿ ਜੇ ਅਸੀਂ ਢਿੱਲੇ ਨਾ ਪਈਏ ਤਾਂ ਵੇਲੇ ਸਿਰ ਵਾਢੀ ਵੱਢਾਂਗੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਪਹਿਲੀ ਪੱਤ੍ਰੀ *4:6-8, 10 (IRV)*

# ਭਗਤੀ ਲਈ ਆਪ ਸਾਧਨਾ ਕਰ... ਅਸੀਂ ਜਿਉਂਦੇ ਪਰਮੇਸ਼ੁਰ ਉੱਤੇ ਆਸ ਰੱਖੀ ਹੈ



ਜੇ ਤੂੰ ਭਾਈਆਂ ਨੂੰ ਇਹ ਗੱਲਾਂ ਸਿਖਾਵੇਂ, ਤਾਂ ਤੂੰ ਮਸੀਹ ਯਿਸੂ ਦਾ ਚੰਗਾ ਸੇਵਕ ਬਣੇਂਗਾ, ਵਿਸ਼ਵਾਸ ਦੀਆਂ ਗੱਲਾਂ ਅਤੇ ਉਹ ਖਰੀ ਸਿੱਖਿਆ ਜਿਸ ਨੂੰ ਤੂੰ ਮੰਨਦਾ ਆਇਆ ਹੈ, ਉਸ ਵਿੱਚ ਬਣਿਆ ਰਹਿ। ਪਰ ਗੰਦੀਆਂ ਅਤੇ ਬੁੱਢੀਆਂ ਵਾਲੀਆਂ ਕਹਾਣੀਆਂ ਵੱਲੋਂ ਮੂੰਹ ਮੋੜ, ਅਤੇ ਭਗਤੀ ਲਈ ਆਪ ਸਾਧਨਾ ਕਰ। ਕਿਉਂ ਜੋ ਸਰੀਰਕ ਕਿਰਿਆ ਤੋਂ ਥੋੜ੍ਹਾ ਲਾਭ ਹੈ, ਪਰ ਭਗਤੀ ਸਭਨਾਂ ਗੱਲਾਂ ਲਈ ਲਾਹੇਵੰਦ ਹੈ, ਕਿਉਂ ਜੋ ਹੁਣ ਅਤੇ ਆਉਣ ਵਾਲੇ ਜੀਵਨ ਦਾ ਵਾਇਦਾ ਉਸ ਦੇ ਨਾਲ ਹੈ। ... ਇਸੇ ਲਈ ਅਸੀਂ ਮਿਹਨਤ ਅਤੇ ਯਤਨ ਕਰਦੇ ਹਾਂ, ਕਿਉਂ ਜੋ ਅਸੀਂ ਜਿਉਂਦੇ ਪਰਮੇਸ਼ੁਰ ਉੱਤੇ ਆਸ ਰੱਖੀ ਹੈ ਜਿਹੜਾ ਸਾਰਿਆਂ ਮਨੁੱਖਾਂ ਦਾ, ਪਰ ਖ਼ਾਸ ਕਰਕੇ ਵਿਸ਼ਵਾਸੀਆਂ ਦਾ ਮੁਕਤੀਦਾਤਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਪਹਿਲੀ ਪੱਤ੍ਰੀ 6:11-16 (IRV)

# ਵਿਸ਼ਵਾਸ ਦੀ ਚੰਗੀ ਲੜਾਈ ਲੜ, ਸਦੀਪਕ ਜੀਵਨ ਨੂੰ ਫੜ੍ਹੀ ਰੱਖ... ਆਪਣੇ ਫ਼ਰਜ ਨੂੰ ਬੇਦਾਗ਼ ਅਤੇ ਬੇਦੋਸ਼ ਕਰਕੇ ਰੱਖ

ਪਰ ਤੂੰ ਹੇ ਪਰਮੇਸ਼ੁਰ ਦੇ ਬੰਦੇ, ਇੰਨ੍ਹਾਂ ਗੱਲਾਂ ਤੋਂ ਦੂਰ ਰਹਿ ਅਤੇ ਧਰਮ, ਭਗਤੀ, ਵਿਸ਼ਵਾਸ, ਪਿਆਰ, ਧੀਰਜ ਅਤੇ ਨਰਮਾਈ ਦੇ ਭਾਲ ਵਿੱਚ ਲੱਗਾ ਰਹਿ। ਵਿਸ਼ਵਾਸ ਦੀ ਚੰਗੀ ਲੜਾਈ ਲੜ, ਸਦੀਪਕ ਜੀਵਨ ਨੂੰ ਫੜ੍ਹੀ ਰੱਖ ਜਿਹ ਦੇ ਲਈ ਤੂੰ ਸੱਦਿਆ ਗਿਆ ਅਤੇ ਤੂੰ ਬਹੁਤਿਆਂ ਗਵਾਹਾਂ ਦੇ ਅੱਗੇ ਪੱਕਾ ਕਰਾਰ ਕੀਤਾ ਸੀ। ਮੈਂ ਪਰਮੇਸ਼ੁਰ ਨੂੰ, ਜਿਹੜਾ ਸਭਨਾਂ ਨੂੰ ਜੀਵਨ ਬਖਸ਼ਦਾ ਹੈ ਅਤੇ ਮਸੀਹ ਯਿਸੂ ਨੂੰ ਜਿਸ ਨੇ ਪੁੰਤਿਯੁਸ ਪਿਲਾਤੁਸ ਦੇ ਸਾਹਮਣੇ ਪੱਕਾ ਕਰਾਰ ਕੀਤਾ ਸੀ ਗਵਾਹ ਮੰਨ ਕੇ ਤੈਨੂੰ ਬੇਨਤੀ ਕਰਦਾ ਹਾਂ। ਕਿ ਤੂੰ ਸਾਡੇ ਪ੍ਰਭੂ ਯਿਸੂ ਮਸੀਹ ਦੇ ਪ੍ਰਗਟ ਹੋਣ ਤੱਕ ਆਪਣੇ ਫ਼ਰਜ ਨੂੰ ਬੇਦਾਗ ਅਤੇ ਬੇਦੋਸ਼ ਕਰਕੇ ਰੱਖ। ਜਿਹ ਨੂੰ ਉਹ ਵੇਲੇ ਸਿਰ ਪ੍ਰਗਟ ਕਰੇਗਾ, ਜਿਹੜਾ ਧੰਨ ਅਤੇ ਸਰਬ ਸ਼ਕਤੀਮਾਨ ਹੈ, ਰਾਜਿਆਂ ਦਾ ਰਾਜਾ ਅਤੇ ਪ੍ਰਭੂਆਂ ਦਾ ਪ੍ਰਭੂ ਹੈ। ਅਮਰਤਾ ਇਕੱਲੇ ਉਸੇ ਦੀ ਹੈ ਅਤੇ ਉਹ ਅਣਪੁੱਜ ਜੋਤ ਵਿੱਚ ਵੱਸਦਾ ਹੈ ਅਤੇ ਮਨੁੱਖਾਂ ਵਿੱਚੋਂ ਕਿਸੇ ਨੇ ਉਸ ਨੂੰ ਨਹੀਂ ਵੇਖਿਆ, ਨਾ ਉਹ ਕਿਸੇ ਤੋਂ ਵੇਖਿਆ ਜਾ ਸਕਦਾ ਹੈ, ਉਸੇ ਦਾ ਆਦਰ ਅਤੇ ਪਰਾਕਰਮ ਸਦਾ ਹੀ ਹੋਵੇ। ਆਮੀਨ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਦੂਜੀ ਪੱਤ੍ਰੀ *1:6-8, 12 (IRV)*

# ਪਰਮੇਸ਼ੁਰ ਨੇ ਸਾਨੂੰ ਡਰ ਦਾ ਆਤਮਾ ਨਹੀਂ, ਸਗੋਂ ਸਮਰੱਥਾ, ਪਿਆਰ ਅਤੇ ਸੰਜਮ ਦਾ ਆਤਮਾ ਦਿੱਤਾ ਹੈ



---

ਇਸ ਕਾਰਨ ਮੈਂ ਤੈਨੂੰ ਚਿਤਾਰਦਾ ਹਾਂ ਕਿ ਤੂੰ ਪਰਮੇਸ਼ੁਰ ਦੀ ਉਸ ਦਾਤ ਨੂੰ ਚਮਕਾ, ਜੋ ਮੇਰੇ ਹੱਥ ਰੱਖਣ ਦੁਆਰਾ ਤੈਨੂੰ ਮਿਲੀ। ਕਿਉਂ ਜੋ ਪਰਮੇਸ਼ੁਰ ਨੇ ਸਾਨੂੰ ਡਰ ਦਾ ਆਤਮਾ ਨਹੀਂ, ਸਗੋਂ ਸਮਰੱਥਾ, ਪਿਆਰ ਅਤੇ ਸੰਜਮ ਦਾ ਆਤਮਾ ਦਿੱਤਾ ਹੈ। ਇਸ ਲਈ ਤੂੰ ਸਾਡੇ ਪ੍ਰਭੂ ਦੀ ਗਵਾਹੀ ਤੋਂ ਨਾ ਸ਼ਰਮਾਵੀਂ, ਨਾ ਮੇਰੇ ਤੋਂ, ਜੋ ਉਹ ਦਾ ਬੰਧੂਆ ਹਾਂ, ਸਗੋਂ ਪਰਮੇਸ਼ੁਰ ਦੀ ਸਮਰੱਥਾ ਦੇ ਅਨੁਸਾਰ ਖੁਸ਼ਖਬਰੀ ਲਈ ਦੁੱਖਾਂ ਵਿੱਚ ਮੇਰੇ ਨਾਲ ਸਾਂਝੀ ਹੋਵੀਂ। … ਅਤੇ ਇਸੇ ਕਰਕੇ ਮੈਂ ਇਹ ਦੁੱਖ ਵੀ ਝੱਲਦਾ ਹਾਂ, ਪਰ ਮੈਂ ਸ਼ਰਮਾਉਂਦਾ ਨਹੀਂ, ਕਿਉਂ ਜੋ ਮੈਂ ਉਹ ਨੂੰ ਜਾਣਦਾ ਹਾਂ ਜਿਹ ਦੇ ਉੱਤੇ ਮੈਂ ਭਰੋਸਾ ਕੀਤਾ ਹੈ ਅਤੇ ਮੈਨੂੰ ਵਿਸ਼ਵਾਸ ਹੈ ਕਿ ਉਹ ਮੇਰੀ ਅਮਾਨਤ ਦੀ ਉਸ ਦਿਨ ਤੱਕ ਰਖਵਾਲੀ ਕਰ ਸਕਦਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਤਿਮੋਥਿਉਸ ਨੂੰ ਪਹਿਲੀ ਪੱਤ੍ਰੀ *1:3-5; 6:20-21 (IRV)*

# ਉਹ ਅਮਾਨਤ ਜੋ ਤੈਨੂੰ ਸੌਂਪੀ ਗਈ ਉਸ ਦੀ ਰਖਵਾਲੀ ਕਰ... ਗੰਦੀ ਬੁੜ-ਬੁੜ ਅਤੇ ਵਿਰੋਧਤਾਈ ਵੱਲੋਂ ਮੂੰਹ ਮੋੜ ਲੈ

---

**ਜਿਵੇਂ ਮੈਂ ਮਕਦੂਨਿਯਾ ਜਾਣ ਵੇਲੇ ਤੈਨੂੰ ਬੇਨਤੀ ਕੀਤੀ ਸੀ ਕਿ ਤੂੰ ਅਫ਼ਸੁਸ ਵਿੱਚ ਰਹੀਂ, ਤਿਵੇਂ ਹੁਣ ਵੀ ਕਰਦਾ ਹਾਂ ਕਿ ਤੂੰ ਕਈਆਂ ਨੂੰ ਹੁਕਮ ਕਰੀਂ ਜੋ ਹੋਰ ਪ੍ਰਕਾਰ ਦੀ ਸਿੱਖਿਆ ਨਾ ਦੇਣ। ਅਤੇ ਕਹਾਣੀਆਂ ਅਤੇ ਅਸੀਮਿਤ ਕੁੱਲਪੱਤ੍ਰੀਆਂ ਉੱਤੇ ਮਨ ਨਾ ਲਾਉਣ, ਜਿਹੜੀਆਂ ਸਵਾਲਾਂ ਨੂੰ ਵਧਾਉਂਦੀਆਂ ਹਨ ਪਰਮੇਸ਼ੁਰ ਦੇ ਉਸ ਪ੍ਰਬੰਧ ਨੂੰ ਨਹੀਂ ਜਿਹੜਾ ਵਿਸ਼ਵਾਸ ਉੱਤੇ ਬਣਿਆ ਹੋਇਆ ਹੈ। ਪਰ ਆਗਿਆ ਦਾ ਮੇਲ ਉਹ ਪਿਆਰ ਹੈ ਜਿਹੜਾ ਸ਼ੁੱਧ ਮਨ ਅਤੇ ਸਾਫ਼ ਵਿਵੇਕ ਅਤੇ ਨਿਸ਼ਕਪਟ ਵਿਸ਼ਵਾਸ ਤੋਂ ਹੁੰਦਾ ਹੈ। ... ਹੇ ਤਿਮੋਥਿਉਸ, ਉਹ ਅਮਾਨਤ ਜੋ ਤੈਨੂੰ ਸੌਂਪੀ ਗਈ ਉਸ ਦੀ ਰਖਵਾਲੀ ਕਰ! ਜਿਹੜਾ ਝੂਠ ਵਿੱਚ ਗਿਆਨ ਅਖਵਾਉਂਦਾ ਹੈ ਉਹ ਦੀ ਗੰਦੀ ਬੁੜ-ਬੁੜ ਅਤੇ ਵਿਰੋਧਤਾਈ ਵੱਲੋਂ ਮੂੰਹ ਮੋੜ ਲੈ। ਕਈ ਲੋਕ ਉਸ ਗਿਆਨ ਨੂੰ ਮੰਨ ਕੇ ਵਿਸ਼ਵਾਸ ਦੇ ਨਿਸ਼ਾਨੇ ਤੋਂ ਖੁੰਝ ਗਏ ਹਨ। ਤੁਹਾਡੇ ਉੱਤੇ ਕਿਰਪਾ ਹੁੰਦੀ ਰਹੇ। ਆਮੀਨ।**

**Spiritual Warfare Cards.com**

*Indian Revised Version · CC BY-SA 4.0 · Bridge Connectivity Solutions*

ਯਾਕੂਬ ਦੀ ਪੱਤ੍ਰੀ 1:1-5 (IRV)

# ਤੁਹਾਡੇ ਵਿਸ਼ਵਾਸ ਦੀ ਪ੍ਰੀਖਿਆ ਧੀਰਜ ਨੂੰ ਪੈਦਾ ਕਰਦੀ ਹੈ... ਜੇ ਤੁਹਾਡੇ ਵਿੱਚੋਂ ਕਿਸੇ ਨੂੰ ਬੁੱਧ ਦਾ ਘਾਟਾ ਹੋਵੇ ਤਾਂ ਉਹ ਪਰਮੇਸ਼ੁਰ ਕੋਲੋਂ ਮੰਗੇ

---

ਪਰਮੇਸ਼ੁਰ ਅਤੇ ਪ੍ਰਭੂ ਯਿਸੂ ਮਸੀਹ ਦੇ ਦਾਸ ਯਾਕੂਬ ਦੇ ਵੱਲੋਂ, ਉਨ੍ਹਾਂ ਬਾਰਾਂ ਗੋਤਾਂ ਨੂੰ ਜਿਹੜੇ ਸੰਸਾਰ ਭਰ ਵਿੱਚ ਖਿੰਡੇ ਹੋਏ ਹਨ; ਸੁੱਖ ਸ਼ਾਂਤੀ ਹੋਵੇ। ਹੇ ਮੇਰੇ ਭਰਾਵੋ, ਜਦੋਂ ਤੁਸੀਂ ਭਾਂਤ-ਭਾਂਤ ਦੇ ਪਰਤਾਵਿਆਂ ਵਿੱਚ ਪਵੋ ਤਾਂ ਇਹ ਨੂੰ ਪੂਰੇ ਅਨੰਦ ਦੀ ਗੱਲ ਸਮਝੋ। ਕਿਉਂ ਜੋ ਤੁਸੀਂ ਜਾਣਦੇ ਹੋ ਕਿ ਤੁਹਾਡੇ ਵਿਸ਼ਵਾਸ ਦੀ ਪ੍ਰੀਖਿਆ ਧੀਰਜ ਨੂੰ ਪੈਦਾ ਕਰਦੀ ਹੈ। ਅਤੇ ਧੀਰਜ ਨੂੰ ਆਪਣਾ ਕੰਮ ਪੂਰਾ ਕਰ ਲੈਣ ਦੇਵੋ ਤਾਂ ਜੋ ਤੁਸੀਂ ਸਿੱਧ ਅਤੇ ਸੰਪੂਰਨ ਹੋ ਜਾਵੋ ਅਤੇ ਤੁਹਾਨੂੰ ਕਿਸੇ ਗੱਲ ਦਾ ਘਾਟਾ ਨਾ ਹੋਵੇ। ਪਰ ਜੇ ਤੁਹਾਡੇ ਵਿੱਚੋਂ ਕਿਸੇ ਨੂੰ ਬੁੱਧ ਦਾ ਘਾਟਾ ਹੋਵੇ ਤਾਂ ਉਹ ਪਰਮੇਸ਼ੁਰ ਕੋਲੋਂ ਮੰਗੇ, ਜਿਹੜਾ ਉਹਨਾਂ ਸਾਰਿਆਂ ਨੂੰ ਖੁੱਲ੍ਹੇ ਦਿਲ ਦੇ ਨਾਲ ਬਿਨ੍ਹਾਂ ਉਲਾਂਭੇ ਦੇ ਦਿੰਦਾ ਹੈ ਜਿਹੜੇ ਉਸ ਕੋਲੋਂ ਮੰਗਦੇ ਹਨ, ਤਾਂ ਉਹ ਨੂੰ ਦਿੱਤੀ ਜਾਵੇਗੀ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯਾਕੂਬ ਦੀ ਪੱਤ੍ਰੀ 5:13-14, 16, 19-20 (IRV)

# ਤੁਸੀਂ ਆਪਸ ਵਿੱਚ ਇੱਕ ਦੂਜੇ ਦੇ ਸਾਹਮਣੇ ਆਪਣਿਆਂ ਪਾਪਾਂ ਦਾ ਇਕਰਾਰ ਕਰੋ ਅਤੇ ਇੱਕ ਦੂਜੇ ਲਈ ਪ੍ਰਾਰਥਨਾ ਕਰੋ... ਉਹ ਇੱਕ ਜਾਨ ਨੂੰ ਮੌਤ ਤੋਂ ਬਚਾਵੇਗਾ

---

ਜੇ ਤੁਹਾਡੇ ਵਿੱਚ ਕੋਈ ਦੁੱਖੀ ਹੈ? ਤਾਂ ਉਹ ਪ੍ਰਾਰਥਨਾ ਕਰੇ। ਜੇ ਕੋਈ ਅਨੰਦ ਹੈ? ਤਾਂ ਉਹ ਭਜ਼ਨ ਗਾਵੇ। ਜੇਕਰ ਤੁਹਾਡੇ ਵਿੱਚ ਕੋਈ ਰੋਗੀ ਹੈ? ਤਾਂ ਕਲੀਸਿਯਾ ਦੇ ਬਜ਼ੁਰਗਾਂ ਨੂੰ ਬੁਲਾਵੇ ਅਤੇ ਉਹ ਪ੍ਰਭੂ ਦਾ ਨਾਮ ਲੈ ਕੇ ਉਸ ਉੱਤੇ ਤੇਲ ਮਲਣ ਅਤੇ ਉਹ ਦੇ ਲਈ ਪ੍ਰਾਰਥਨਾ ਕਰਨ ... ਇਸ ਲਈ ਤੁਸੀਂ ਆਪਸ ਵਿੱਚ ਇੱਕ ਦੂਜੇ ਦੇ ਸਾਹਮਣੇ ਆਪਣਿਆਂ ਪਾਪਾਂ ਦਾ ਇਕਰਾਰ ਕਰੋ ਅਤੇ ਇੱਕ ਦੂਜੇ ਲਈ ਪ੍ਰਾਰਥਨਾ ਕਰੋ ਤਾਂ ਜੋ ਤੁਸੀਂ ਚੰਗੇ ਹੋ ਜਾਓ। ਧਰਮੀ ਮਨੁੱਖ ਦੀ ਪ੍ਰਾਰਥਨਾ ਤੋਂ ਬਹੁਤ ਅਸਰ ਹੁੰਦਾ ਹੈ। ... ਹੇ ਮੇਰੇ ਭਰਾਵੋ, ਜੇ ਕੋਈ ਤੁਹਾਡੇ ਵਿੱਚੋਂ ਸਚਿਆਈ ਦੇ ਰਾਹ ਤੋਂ ਭਟਕ ਜਾਵੇ ਅਤੇ ਕੋਈ ਉਸ ਨੂੰ ਮੋੜ ਲਿਆਵੇ। ਤਾਂ ਉਹ ਜਾਣ ਲਵੇ ਕਿ ਇੱਕ ਪਾਪੀ ਨੂੰ ਉਹ ਦੇ ਬੁਰੇ ਰਾਹ ਤੋਂ ਮੋੜ ਲਿਆਵੇ ਉਹ ਇੱਕ ਜਾਨ ਨੂੰ ਮੌਤ ਤੋਂ ਬਚਾਵੇਗਾ ਅਤੇ ਬਹੁਤਿਆਂ ਪਾਪਾਂ ਨੂੰ ਢੱਕ ਦੇਵੇਗਾ।

**Spiritual Warfare Cards.com**

Indian Revised Version · CC BY-SA 4.0 · Bridge Connectivity Solutions

ਯਾਕੂਬ ਦੀ ਪੱਤ੍ਰੀ 3:2, 10, 12, 18, 17 (IRV)

# ਅਸੀਂ ਸਾਰੇ ਬਹੁਤ ਭੁੱਲਣਹਾਰ ਹਾਂ... ਜਿਹੜੀ ਬੁੱਧ ਉੱਪਰੋਂ ਆਉਂਦੀ ਹੈ ਉਹ ਪਹਿਲਾਂ ਤਾਂ ਪਵਿੱਤਰ ਹੁੰਦੀ ਹੈ, ਫਿਰ ਮਿਲਣਸਾਰ, ਕੋਮਲ



ਇਸ ਲਈ ਕਿ ਅਸੀਂ ਸਾਰੇ ਬਹੁਤ ਭੁੱਲਣਹਾਰ ਹਾਂ। ਜੇ ਕੋਈ ਬਚਨ ਵਿੱਚ ਨਾ ਭੁੱਲੇ ਤਾਂ ਉਹ ਸਿੱਧ ਇਨਸਾਨ ਹੈ ਅਤੇ ਸਾਰੇ ਸਰੀਰ ਨੂੰ ਵੀ ਲਗਾਮ ਦੇ ਸਕਦਾ ਹੈ। ... ਇੱਕੋ ਮੂੰਹ ਵਿੱਚੋਂ ਵਡਿਆਈ ਅਤੇ ਸਰਾਪ ਦੋਵੇਂ ਨਿੱਕਲਦੇ ਹਨ ਹੇ ਮੇਰੇ ਭਰਾਵੋ, ਇਹ ਗੱਲਾਂ ਇਸ ਤਰ੍ਹਾਂ ਨਹੀਂ ਹੋਣੀਆਂ ਚਾਹੀਦੀਆਂ! ... ਹੇ ਮੇਰੇ ਭਰਾਵੋ, ਕੀ ਇਹ ਹੋ ਸਕਦਾ ਹੈ ਕਿ ਹੰਜ਼ੀਰ ਦੇ ਬੂਟੇ ਨੂੰ ਜ਼ੈਤੂਨ ਦਾ ਫਲ ਜਾਂ ਅੰਗੂਰੀ ਵੇਲ ਨੂੰ ਹੰਜ਼ੀਰ ਲੱਗ ਸਕਦੇ ਹਨ? ਉਸੇ ਤਰ੍ਹਾਂ ਖਾਰੇ ਪਾਣੀ ਵਿੱਚੋਂ ਵੀ ਮਿੱਠਾ ਪਾਣੀ ਨਹੀਂ ਨਿੱਕਲ ਸਕਦਾ। ... ਮੇਲ-ਮਿਲਾਪ ਕਰਵਾਉਣ ਵਾਲਿਆਂ ਦੁਆਰਾ ਧਾਰਮਿਕਤਾ ਦਾ ਫਲ ਸ਼ਾਂਤੀ ਨਾਲ ਬੀਜਿਆ ਜਾਂਦਾ ਹੈ। ... ਪਰ ਜਿਹੜੀ ਬੁੱਧ ਉੱਪਰੋਂ ਆਉਂਦੀ ਹੈ ਉਹ ਪਹਿਲਾਂ ਤਾਂ ਪਵਿੱਤਰ ਹੁੰਦੀ ਹੈ, ਫਿਰ ਮਿਲਣਸਾਰ, ਕੋਮਲ, ਹਠ ਤੋਂ ਰਹਿਤ, ਦਯਾ ਅਤੇ ਚੰਗਿਆਂ ਫਲਾਂ ਨਾਲ ਭਰਪੂਰ, ਪੱਖਪਾਤ ਤੋਂ ਰਹਿਤ ਅਤੇ ਨਿਸ਼ਕਪਟ ਹੁੰਦੀ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯਹੂਦਾਹ ਦੀ ਪੱਤ੍ਰੀ *1:3-5, 22-23 (IRV)*

# ਉਸ ਵਿਸ਼ਵਾਸ ਦੇ ਲਈ ਯਤਨ ਨਾਲ ਕੋਸ਼ਿਸ਼ ਕਰਦੇ ਰਹੋ... ਸਾਡੇ ਪਰਮੇਸ਼ੁਰ ਦੀ ਕਿਰਪਾ ਨੂੰ ਉਲਟਾ ਕਰਕੇ ਲੁੱਚਪੁਣੇ ਵੱਲ ਲਾ ਲੈਂਦੇ ਹਨ

ਪਿਆਰਿਓ, ਜਦੋਂ ਮੈਂ ਮੁਕਤੀ ਦੇ ਵਿਖੇ ਤੁਹਾਨੂੰ ਲਿਖਣ ਦੀ ਬਹੁਤ ਕੋਸ਼ਿਸ਼ ਕਰ ਰਿਹਾ ਸੀ ਤਾਂ ਮੈਂ ਤੁਹਾਨੂੰ ਲਿਖ ਕੇ ਬੇਨਤੀ ਕਰਨਾ ਜ਼ਰੂਰੀ ਸਮਝਿਆ ਕਿ ਤੁਸੀਂ ਉਸ ਵਿਸ਼ਵਾਸ ਦੇ ਲਈ ਯਤਨ ਨਾਲ ਕੋਸ਼ਿਸ਼ ਕਰਦੇ ਰਹੋ, ਜਿਹੜਾ ਇੱਕੋ ਹੀ ਵਾਰ ਸੰਤਾਂ ਨੂੰ ਸੌਂਪਿਆ ਗਿਆ ਸੀ। ਕਿਉਂ ਜੋ ਕਈ ਮਨੁੱਖ ਚੋਰੀ ਆ ਵੜੇ ਹਨ ਜਿਹੜੇ ਇਸ ਸਜ਼ਾ ਲਈ ਪਹਿਲਾਂ ਤੋਂ ਹੀ ਠਹਿਰਾਏ ਗਏ ਸਨ, ਸ਼ਤਾਨੀ ਮਨੁੱਖ ਜਿਹੜੇ ਸਾਡੇ ਪਰਮੇਸ਼ੁਰ ਦੀ ਕਿਰਪਾ ਨੂੰ ਉਲਟਾ ਕਰਕੇ ਲੁੱਚਪੁਣੇ ਵੱਲ ਲਾ ਲੈਂਦੇ ਹਨ ਅਤੇ ਯਿਸੂ ਮਸੀਹ ਦਾ ਇਨਕਾਰ ਕਰਦੇ ਹਨ ਜਿਹੜਾ ਇੱਕੋ ਹੀ ਸਾਡਾ ਸੁਆਮੀ ਅਤੇ ਪ੍ਰਭੂ ਹੈ। ਹੁਣ ਭਾਵੇਂ ਤੁਸੀਂ ਇੱਕੋ ਵਾਰ ਸਭ ਕੁਝ ਜਾਣ ਵੀ ਚੁੱਕੇ ਹੋ, ਤਾਂ ਵੀ ਮੈਂ ਤੁਹਾਨੂੰ ਚੇਤੇ ਕਰਵਾਉਣਾ ਚਾਹੁੰਦਾ ਹਾਂ ਕਿ ਪ੍ਰਭੂ ਨੇ ਲੋਕਾਂ ਨੂੰ ਮਿਸਰ ਦੇਸ ਵਿੱਚੋਂ ਬਚਾ ਕੇ, ਬਾਅਦ ਵਿੱਚ ਉਨ੍ਹਾਂ ਦਾ ਨਾਸ ਕੀਤਾ ਜਿਨ੍ਹਾਂ ਨੇ ਵਿਸ਼ਵਾਸ ਨਾ ਕੀਤਾ। ... ਅਤੇ ਕਿੰਨਿਆਂ ਉੱਤੇ ਜਿਹੜੇ ਦੁਬਧਾ ਵਿੱਚ ਪਏ ਹੋਏ ਹਨ, ਦਯਾ ਕਰੋ। ਅਤੇ ਕਿੰਨਿਆਂ ਨੂੰ ਅੱਗ ਵਿੱਚੋਂ ਧੂਹ ਖਿੱਚ ਕੇ ਬਚਾਓ, ਅਤੇ ਉਸ ਬਸਤਰ ਤੋਂ ਵੀ ਜਿਸ ਦੇ ਵਿੱਚ ਦੇਹੀ ਦਾ ਦਾਗ ਲੱਗਿਆ ਹੋਵੇ, ਨਫ਼ਰਤ ਕਰਦੇ ਹੋਏ ਕਿੰਨਿਆਂ ਉੱਤੇ ਡਰ ਨਾਲ ਦਯਾ ਕਰੋ।

*Spiritual Warfare Cards.com*


*Indian Revised Version · CC BY-SA 4.0 · Bridge Connectivity Solutions*

ਕੂਚ 24:7, 17; 32:23, 30, 34 (IRV)

# ਯਹੋਵਾਹ ਦੇ ਤੇਜ ਦਾ ਦਰਸ਼ਣ ਭਸਮ ਕਰਨ ਵਾਲੀ ਅੱਗ ਵਾਂਗੂੰ ਪਰਬਤ ਦੀ ਟੀਸੀ ਉੱਤੇ

---

ਅਤੇ ਉਸ ਨੇ ਨੇਮ ਦੀ ਪੋਥੀ ਲੈ ਕੇ ਲੋਕਾਂ ਦੇ ਕੰਨਾਂ ਵਿੱਚ ਪੜ੍ਹ ਕੇ ਸੁਣਾਈ ਅਤੇ ਉਨ੍ਹਾਂ ਨੇ ਆਖਿਆ, ਅਸੀਂ ਸਭ ਕੁਝ ਜੋ ਯਹੋਵਾਹ ਬੋਲਿਆ ਹੈ ਕਰਾਂਗੇ ਅਤੇ ਮੰਨਾਂਗੇ। … ਯਹੋਵਾਹ ਦੇ ਤੇਜ ਦਾ ਦਰਸ਼ਣ ਭਸਮ ਕਰਨ ਵਾਲੀ ਅੱਗ ਵਾਂਗੂੰ ਪਰਬਤ ਦੀ ਟੀਸੀ ਉੱਤੇ ਇਸਰਾਏਲੀਆਂ ਦੀਆਂ ਅੱਖਾਂ ਵਿੱਚ ਸੀ। … ਕਿਉਂ ਜੋ ਉਨ੍ਹਾਂ ਨੇ ਮੈਨੂੰ ਆਖਿਆ, ਸਾਡੇ ਲਈ ਦੇਵਤੇ ਬਣਾ ਜਿਹੜੇ ਸਾਡੇ ਅੱਗੇ ਚੱਲਣ ਕਿਉਂ ਜੋ ਇਹ ਮਰਦ ਮੂਸਾ ਜਿਹੜਾ ਸਾਨੂੰ ਮਿਸਰ ਦੇਸ ਤੋਂ ਉਤਾਹਾਂ ਲੈ ਆਇਆ ਅਸੀਂ ਨਹੀਂ ਜਾਣਦੇ ਕਿ ਉਹ ਨੂੰ ਕੀ ਹੋਇਆ। … ਅਗਲੇ ਦਿਨ ਇਸ ਤਰ੍ਹਾਂ ਹੋਇਆ ਕਿ ਮੂਸਾ ਨੇ ਲੋਕਾਂ ਨੂੰ ਆਖਿਆ, ਤੁਸੀਂ ਵੱਡਾ ਪਾਪ ਕੀਤਾ ਅਤੇ ਮੈਂ ਹੁਣ ਯਹੋਵਾਹ ਦੇ ਕੋਲ ਉਤਾਹਾਂ ਜਾਂਦਾ ਹਾਂ। ਸ਼ਾਇਦ ਮੈਂ ਤੁਹਾਡੇ ਪਾਪ ਦਾ ਪ੍ਰਾਸਚਿਤ ਕਰਾਂ। … ਹੁਣ ਜਾ ਲੋਕਾਂ ਨੂੰ ਉੱਥੇ ਲੈ ਜਾ ਜਿਹ ਦੇ ਲਈ ਮੈਂ ਤੈਨੂੰ ਬੋਲਿਆ ਸੀ ਅਤੇ ਵੇਖ ਮੇਰਾ ਦੂਤ ਤੇਰੇ ਅੱਗੇ ਤੁਰੇਗਾ ਪਰ ਮੈਂ ਆਪਣੇ ਬਦਲੇ ਦੇ ਦਿਨ ਉਨ੍ਹਾਂ ਦੇ ਪਾਪ ਦਾ ਬਦਲਾ ਉਨ੍ਹਾਂ ਤੋਂ ਲਵਾਂਗਾ।



*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਯਹੋਸ਼ੁਆ 2:11; ਇਬਰਾਨੀਆਂ ਨੂੰ 11:31; ਯਾਕੂਬ ਦੀ ਪੱਤ੍ਰੀ 2:23, 25-26 (IRV)

# ਯਹੋਵਾਹ ਤੁਹਾਡਾ ਪਰਮੇਸ਼ੁਰ ਸਵਰਗ ਵਿੱਚ ਅਤੇ ਧਰਤੀ ਉੱਤੇ ਉਹੀ ਇੱਕੋ ਪਰਮੇਸ਼ੁਰ ਹੈ

ਜਦ ਅਸੀਂ ਸੁਣਿਆ ਤਾਂ ਸਾਡੇ ਮਨ ਪਿਘਲ ਗਏ ਅਤੇ ਤੁਹਾਡੇ ਕਾਰਨ ਕਿਸੇ ਮਨੁੱਖ ਵਿੱਚ ਹਿੰਮਤ ਨਹੀਂ ਰਹੀ ਕਿਉਂ ਜੋ ਯਹੋਵਾਹ ਤੁਹਾਡਾ ਪਰਮੇਸ਼ੁਰ ਸਵਰਗ ਵਿੱਚ ਅਤੇ ਧਰਤੀ ਉੱਤੇ ਉਹੀ ਇੱਕੋ ਪਰਮੇਸ਼ੁਰ ਹੈ। ... ਵਿਸ਼ਵਾਸ ਨਾਲ ਰਹਾਬ ਵੇਸਵਾ ਅਵਿਸ਼ਵਾਸੀਆਂ ਦੇ ਨਾਲ ਨਾਸ ਨਾ ਹੋਈ, ਕਿਉਂ ਜੋ ਉਹ ਨੇ ਖੋਜੀਆਂ ਨੂੰ ਸੁੱਖ ਸ਼ਾਂਤੀ ਨਾਲ ਆਪਣੇ ਘਰ ਉਤਾਰਿਆ। ... ਅਤੇ ਪਵਿੱਤਰ ਗ੍ਰੰਥ ਦਾ ਇਹ ਬਚਨ ਪੂਰਾ ਹੋਇਆ ਕਿ ਅਬਰਾਹਾਮ ਨੇ ਪਰਮੇਸ਼ੁਰ ਤੇ ਵਿਸ਼ਵਾਸ ਕੀਤਾ ਅਤੇ ਇਹ ਉਹ ਦੇ ਲਈ ਧਾਰਮਿਕਤਾ ਗਿਣੀ ਗਈ ਅਤੇ ਉਹ ਪਰਮੇਸ਼ੁਰ ਦਾ ਮਿੱਤਰ ਅਖਵਾਇਆ। ... ਕੀ ਉਸੇ ਹੀ ਤਰ੍ਹਾਂ ਰਹਾਬ ਵੇਸਵਾ ਵੀ ਅਮਲਾਂ ਹੀ ਨਾਲ ਧਰਮੀ ਨਾ ਠਹਿਰਾਈ ਗਈ ਜਦੋਂ ਉਹ ਨੇ ਭੇਤੀਆਂ ਨੂੰ ਆਪਣੇ ਘਰ ਉਤਾਰਿਆ ਅਤੇ ਉਨ੍ਹਾਂ ਨੂੰ ਦੂਸਰੇ ਰਾਹ ਵੱਲੋਂ ਭੇਜ ਦਿੱਤਾ? ਜਿਸ ਤਰ੍ਹਾਂ ਸਰੀਰ ਆਤਮਾ ਤੋਂ ਬਿਨ੍ਹਾਂ ਮੁਰਦਾ ਹੈ ਉਸੇ ਤਰ੍ਹਾਂ ਵਿਸ਼ਵਾਸ ਕੰਮਾਂ ਤੋਂ ਬਿਨ੍ਹਾਂ ਮੁਰਦਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਰੂਥ 1:16-17; 4:14-15 (IRV)

# ਮੁਬਾਰਕ ਹੈ ਯਹੋਵਾਹ, ਜਿਸ ਨੇ ਅੱਜ ਦੇ ਦਿਨ ਤੈਨੂੰ ਛੁਡਾਉਣ ਵਾਲੇ ਤੋਂ ਬਿਨ੍ਹਾਂ ਨਾ ਛੱਡਿਆ

ਪਰ ਰੂਥ ਨੇ ਕਿਹਾ, "ਮੇਰੇ ਅੱਗੇ ਤਰਲੇ ਨਾ ਕਰ ਕਿ ਮੈਂ ਤੈਨੂੰ ਇਕੱਲੀ ਛੱਡਾਂ ਅਤੇ ਵਾਪਸ ਮੁੜਾਂ ਕਿਉਂਕਿ ਜਿੱਥੇ ਤੂੰ ਜਾਵੇਂਗੀ, ਉੱਥੇ ਹੀ ਮੈਂ ਜਾਂਵਾਂਗੀ ਅਤੇ ਜਿੱਥੇ ਤੂੰ ਰਹੇਂਗੀ, ਉੱਥੇ ਹੀ ਮੈਂ ਰਹਾਂਗੀ। ਤੇਰੇ ਲੋਕ ਮੇਰੇ ਲੋਕ ਹੋਣਗੇ ਅਤੇ ਤੇਰਾ ਪਰਮੇਸ਼ੁਰ ਮੇਰਾ ਪਰਮੇਸ਼ੁਰ ਹੋਵੇਗਾ, ਜਿੱਥੇ ਤੂੰ ਮਰੇਂਗੀ, ਉੱਥੇ ਮੈਂ ਮਰਾਂਗੀ ਅਤੇ ਅਸੀਂ ਉੱਥੇ ਹੀ ਦਫ਼ਨਾਈਆਂ ਜਾਵਾਂਗੀਆਂ। ਯਹੋਵਾਹ ਮੇਰੇ ਨਾਲ ਅਜਿਹਾ ਹੀ ਕਰੇ ਅਤੇ ਇਸ ਨਾਲੋਂ ਵੀ ਵੱਧ, ਮੌਤ ਤੋਂ ਬਿਨ੍ਹਾਂ ਕੋਈ ਹੋਰ ਕਾਰਨ ਮੈਨੂੰ ਤੇਰੇ ਤੋਂ ਵੱਖਰਾ ਨਾ ਕਰੇ।" … ਤਦ ਇਸਤਰੀਆਂ ਨੇ ਨਾਓਮੀ ਨੂੰ ਕਿਹਾ, "ਮੁਬਾਰਕ ਹੈ ਯਹੋਵਾਹ, ਜਿਸ ਨੇ ਅੱਜ ਦੇ ਦਿਨ ਤੈਨੂੰ ਛੁਡਾਉਣ ਵਾਲੇ ਤੋਂ ਬਿਨ੍ਹਾਂ ਨਾ ਛੱਡਿਆ, ਜੋ ਉਸਦਾ ਨਾਮ ਇਸਰਾਏਲ ਵਿੱਚ ਉੱਚਾ ਹੋਵੇ, ਅਤੇ ਇਹ ਤੇਰੇ ਪ੍ਰਾਣਾਂ ਨੂੰ ਨਰੋਇਆ ਕਰੇਗਾ ਅਤੇ ਤੇਰਾ ਬੁਢਾਪੇ ਦਾ ਪਾਲਣਹਾਰਾ ਹੋਵੇਗਾ, ਕਿਉਂਕਿ ਤੇਰੀ ਨੂੰਹ ਜੋ ਤੈਨੂੰ ਪ੍ਰੇਮ ਕਰਦੀ ਹੈ, ਤੇਰੇ ਲਈ ਸੱਤ ਪੁੱਤਰਾਂ ਨਾਲੋਂ ਚੰਗੀ ਹੈ, ਉਸ ਨੇ ਇਸ ਨੂੰ ਜਨਮ ਦਿੱਤਾ ਹੈ।"

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਨਹਮਯਾਹ 6:1-3, 8-9 (IRV)

# ਸਾਨੂੰ ਡਰਾਉਣਾ ਚਾਹੁੰਦੇ ਸਨ... ਮੇਰੇ ਹੱਥਾਂ ਨੂੰ ਤਕੜੇ ਕਰ!

---

ਫਿਰ ਜਦ ਸਨਬੱਲਟ ਅਤੇ ਤੋਬਿਆਹ ਅਤੇ ਗਸ਼ਮ ਅਰਬੀ ਅਤੇ ਸਾਡੇ ਬਾਕੀ ਵੈਰੀਆਂ ਨੂੰ ਇਹ ਖ਼ਬਰ ਹੋਈ ਕਿ ਮੈਂ ਸ਼ਹਿਰਪਨਾਹ ਬਣਾ ਲਈ ਹੈ ਅਤੇ ਕੋਈ ਦਰਾਰ ਬਾਕੀ ਨਹੀਂ ਰਹੀ ਭਾਵੇਂ ਮੈਂ ਅਜੇ ਤੱਕ ਫਾਟਕਾਂ ਦੇ ਦਰਵਾਜ਼ੇ ਨਹੀਂ ਲਾਏ ਸਨ। ਤਦ ਸਨਬੱਲਟ ਅਤੇ ਗਸ਼ਮ ਨੇ ਮੈਨੂੰ ਸੰਦੇਸ਼ ਭੇਜਿਆ, “ਆ, ਅਸੀਂ ਓਨੋ ਦੀ ਮੈਦਾਨ ਦੇ ਕਿਸੇ ਪਿੰਡ ਵਿੱਚ ਇੱਕ ਦੂਜੇ ਨੂੰ ਮਿਲੀਏ।” ਪਰ ਉਹ ਮੇਰੀ ਹਾਨੀ ਕਰਨਾ ਚਾਹੁੰਦੇ ਸਨ। ਇਸ ਲਈ ਮੈਂ ਉਨ੍ਹਾਂ ਨੂੰ ਸੰਦੇਸ਼ਵਾਹਕਾਂ ਦੇ ਰਾਹੀਂ ਇਹ ਉੱਤਰ ਦਿੱਤਾ, “ਮੈਂ ਤਾਂ ਇੱਕ ਵੱਡਾ ਕੰਮ ਕਰ ਰਿਹਾ ਹਾਂ ਅਤੇ ਹੇਠਾਂ ਨਹੀਂ ਆ ਸਕਦਾ, ਮੇਰੇ ਤੁਹਾਡੇ ਕੋਲ ਹੇਠਾਂ ਆਉਣ ਦੇ ਕਾਰਨ ਇਹ ਕੰਮ ਕਿਉਂ ਰੋਕਿਆ ਜਾਵੇ?” ... ਤਦ ਮੈਂ ਉਸ ਨੂੰ ਇਹ ਉੱਤਰ ਭੇਜਿਆ, “ਜਿਵੇਂ ਤੂੰ ਕਿਹਾ ਹੈ, ਉਹੋ ਜਿਹੀ ਤਾਂ ਕੋਈ ਵੀ ਗੱਲ ਨਹੀਂ ਹੈ ਕਿਉਂਕਿ ਇਸ ਸਭ ਤੇਰੀਆਂ ਹੀ ਮਨ-ਘੜਤ ਗੱਲਾਂ ਹਨ!” ਉਹ ਸਾਰੇ ਇਹ ਸੋਚ ਕੇ <u>ਸਾਨੂੰ ਡਰਾਉਣਾ ਚਾਹੁੰਦੇ ਸਨ</u> ਕਿ ਕੰਮ ਤੋਂ ਉਨ੍ਹਾਂ ਦੇ ਹੱਥ ਢਿੱਲੇ ਪੈ ਜਾਣ ਤਾਂ ਜੋ ਉਹ ਪੂਰਾ ਨਾ ਹੋਵੇ। ਹੁਣ ਹੇ ਪਰਮੇਸ਼ੁਰ! <u>ਮੇਰੇ ਹੱਥਾਂ ਨੂੰ ਤਕੜੇ ਕਰ!</u>

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 2:1-5, 8-12 (IRV)

# ਭੈਅ ਨਾਲ ਯਹੋਵਾਹ ਦੀ ਸੇਵਾ ਕਰੋ... ਧੰਨ ਹਨ ਓਹ ਜਿਹੜੇ ਉਸ ਵਿੱਚ ਪਨਾਹ ਲੈਂਦੇ ਹਨ।

ਕੌਮਾਂ ਕਿਸ ਗੱਲ ਲਈ ਡੰਡ ਪਾਉਂਦੀਆਂ ਹਨ, ਅਤੇ ਦੇਸ਼-ਦੇਸ਼ ਦੇ ਲੋਕ ਕਿਉਂ ਵਿਅਰਥ ਸੋਚ ਸੋਚਦੇ ਹਨ? ਯਹੋਵਾਹ ਅਤੇ ਉਸ ਦੇ ਮਸੀਹ ਦੇ ਵਿਰੁੱਧ ਧਰਤੀ ਦੇ ਰਾਜੇ ਉੱਠ ਖੜੇ ਹੋਏ, ਅਤੇ ਹਾਕਮ ਆਪਸ ਵਿੱਚ ਮਤਾ ਪਕਾਉਂਦੇ ਹਨ, ਕਿ ਆਓ, ਅਸੀਂ ਉਨ੍ਹਾਂ ਦੇ ਬੰਧਨਾਂ ਨੂੰ ਤੋੜ ਦੇਈਏ, ਅਤੇ ਉਨ੍ਹਾਂ ਦੀਆਂ ਰੱਸੀਆਂ ਆਪਣੇ ਉੱਤੋਂ ਲਾਹ ਸੁੱਟੀਏ। ਜਿਹੜਾ ਸਵਰਗ ਵਿੱਚ ਬੈਠਾ ਹੈ ਉਹ ਹੱਸੇਗਾ, ਪ੍ਰਭੂ ਉਹਨਾਂ ਨੂੰ ਮਖ਼ੌਲਾਂ ਵਿੱਚ ਉਡਾਵੇਗਾ। ਤਦ ਉਹ ਉਹਨਾਂ ਨਾਲ ਆਪਣੇ ਕ੍ਰੋਧ ਵਿੱਚ ਬੋਲੇਗਾ, ਅਤੇ ਆਪਣੇ ਕ੍ਰੋਧ ਨਾਲ ਉਹਨਾਂ ਨੂੰ ਘਬਰਾਹਟ ਵਿੱਚ ਪਾ ਦੇਵਾਂਗਾ। ... ਮੈਥੋਂ ਮੰਗ ਅਤੇ ਮੈਂ ਕੌਮਾਂ ਨੂੰ ਤੇਰੀ ਮਿਰਾਸ, ਅਤੇ ਧਰਤੀ ਦੇ ਕੰਢੇ ਤੇਰੀ ਮਿਲਖ਼ ਕਰ ਦਿਆਂਗਾ। ਤੂੰ ਲੋਹੇ ਦੇ ਡੰਡੇ ਨਾਲ ਉਹਨਾਂ ਨੂੰ ਭੰਨ ਸੁੱਟੇਂਗਾ, ਘੁਮਿਆਰ ਦੇ ਭਾਂਡੇ ਵਾਂਗੂੰ ਤੂੰ ਉਹਨਾਂ ਨੂੰ ਚਕਨਾ-ਚੂਰ ਕਰ ਦੇਵੇਂਗਾ। ਇਸ ਲਈ ਹੁਣ ਹੇ ਰਾਜਿਓ, ਸਿਆਣੇ ਬਣੋ, ਅਤੇ ਹੇ ਧਰਤੀ ਦੇ ਨਿਆਂਈਓ, ਤੁਸੀਂ ਸਮਝ ਜਾਓ। ਭੈਅ ਨਾਲ ਯਹੋਵਾਹ ਦੀ ਸੇਵਾ ਕਰੋ ਅਤੇ ਕੰਬਦੇ-ਕੰਬਦੇ ਅਨੰਦ ਮਨਾਓ, ਪੁੱਤਰ ਨੂੰ ਚੁੰਮੋ ਕਿਤੇ ਅਜਿਹਾ ਨਾ ਹੋਵੇ ਉਹ ਕ੍ਰੋਧ ਵਿੱਚ ਆਵੇ, ਅਤੇ ਤੁਸੀਂ ਰਾਹ ਦੇ ਵਿੱਚ ਹੀ ਨਾਸ ਹੋ ਜਾਓ, ਕਿਉਂ ਜੋ ਉਸ ਦਾ ਕ੍ਰੋਧ ਛੇਤੀ ਭੜਕ ਉੱਠੇਗਾ। ਧੰਨ ਹਨ ਓਹ ਜਿਹੜੇ ਉਸ ਵਿੱਚ ਪਨਾਹ ਲੈਂਦੇ ਹਨ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 19:1, 7-8, 12-14 (IRV)

# ਅਕਾਸ਼ ਪਰਮੇਸ਼ੁਰ ਦੀ ਮਹਿਮਾ ਦਾ ਵਰਣਨ ਕਰਦੇ ਹਨ... ਤੂੰ ਮੈਨੂੰ ਗੁੱਝੇ ਪਾਪਾਂ ਤੋਂ ਅਜ਼ਾਦ ਕਰ... ਆਪਣੇ ਦਾਸ ਨੂੰ ਹੰਕਾਰ ਤੋਂ ਰੋਕ ਰੱਖ

---

ਅਕਾਸ਼ ਪਰਮੇਸ਼ੁਰ ਦੀ ਮਹਿਮਾ ਦਾ ਵਰਣਨ ਕਰਦੇ ਹਨ, ਅਤੇ ਅੰਬਰ ਉਸ ਦੀ ਦਸਤਕਾਰੀ ਵਿਖਾਲਦਾ ਹੈ। ... ਯਹੋਵਾਹ ਦੀ ਬਿਵਸਥਾ ਪੂਰੀ ਖਰੀ ਹੈ, ਉਹ ਜਾਨ ਨੂੰ ਬਹਾਲ ਕਰਦੀ ਹੈ, ਯਹੋਵਾਹ ਦੀ ਸਾਖੀ ਸੱਚੀ ਹੈ, ਉਹ ਭੋਲੇ ਨੂੰ ਬੁੱਧਵਾਨ ਕਰਦੀ ਹੈ। ਯਹੋਵਾਹ ਦੇ ਫ਼ਰਮਾਨ ਸਿੱਧੇ ਹਨ, ਉਹ ਦਿਲ ਨੂੰ ਅਨੰਦ ਕਰਦੇ ਹਨ, ਯਹੋਵਾਹ ਦਾ ਹੁਕਮ ਨਿਰਮਲ ਹੈ, ਉਹ ਅੱਖੀਆਂ ਨੂੰ ਚਾਨਣ ਦਿੰਦਾ ਹੈ। ... ਆਪਣੀਆਂ ਭੁੱਲਾਂ ਚੁੱਕਾਂ ਨੂੰ ਕੌਣ ਸਮਝ ਸਕਦਾ ਹੈ? ਤੂੰ ਮੈਨੂੰ ਗੁੱਝੇ ਪਾਪਾਂ ਤੋਂ ਅਜ਼ਾਦ ਕਰ, ਅਤੇ ਆਪਣੇ ਦਾਸ ਨੂੰ ਹੰਕਾਰ ਤੋਂ ਰੋਕ ਰੱਖ, ਉਹ ਮੇਰੇ ਉੱਤੇ ਹਕੂਮਤ ਨਾ ਕਰਨ, ਤਾਂ ਮੈਂ ਪੂਰਾ ਖਰਾ ਉਤਰਾਂਗਾ, ਅਤੇ ਵੱਡੇ ਪਾਪਾਂ ਤੋਂ ਬਰੀ ਠਹਿਰਾਂਗਾ। ਹੇ ਯਹੋਵਾਹ, ਮੇਰੀ ਚੱਟਾਨ ਅਤੇ ਮੇਰੇ ਛੁਡਾਉਣ ਵਾਲੇ, ਮੇਰੇ ਮੂੰਹ ਦੀਆਂ ਗੱਲਾਂ ਅਤੇ ਮੇਰੇ ਮਨ ਦਾ ਵਿਚਾਰ, ਤੇਰੇ ਹਜ਼ੂਰ ਮੰਨਣ ਯੋਗ ਹੋਵੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 27:1, 4-6, 8-10, 14 (IRV)

# ਯਹੋਵਾਹ ਮੇਰਾ ਚਾਨਣ ਅਤੇ ਮੇਰਾ ਬਚਾਓ ਹੈ, ਮੈਂ ਕਿਸ ਤੋਂ ਡਰਾਂ?… ਤਕੜਾ ਹੋ ਅਤੇ ਤੇਰਾ ਮਨ ਦਲੇਰ ਹੋਵੇ

ਯਹੋਵਾਹ ਮੇਰਾ ਚਾਨਣ ਅਤੇ ਮੇਰਾ ਬਚਾਓ ਹੈ, ਮੈਂ ਕਿਸ ਤੋਂ ਡਰਾਂ? ਯਹੋਵਾਹ ਮੇਰੇ ਜੀਉਣ ਦਾ ਗੜ੍ਹ ਹੈ, ਮੈਂ ਕਿਸ ਦਾ ਭੈਅ ਖਾਵਾਂ? … ਮੈਂ ਯਹੋਵਾਹ ਤੋਂ ਇੱਕ ਗੱਲ ਮੰਗੀ ਹੈ ਅਤੇ ਮੈਂ ਉਹੀ ਭਾਲਾਂਗਾ, ਕਿ ਮੈਂ ਜੀਉਣ ਭਰ ਯਹੋਵਾਹ ਦੇ ਘਰ ਵੱਸਾਂ, ਤਾਂ ਜੋ ਮੈਂ ਯਹੋਵਾਹ ਦੀ ਮਨੋਹਰਤਾ ਨੂੰ ਤੱਕਾਂ, ਅਤੇ ਉਹ ਦੀ ਹੈਕਲ ਵਿੱਚ ਧਿਆਨ ਕਰਾਂ। ਬਿਪਤਾ ਦੇ ਦਿਨ ਉਹ ਤਾਂ ਮੈਨੂੰ ਆਪਣੇ ਮੰਡਪ ਵਿੱਚ ਲੁਕਾਵੇਗਾ, ਅਤੇ ਆਪਣੇ ਤੰਬੂ ਦੇ ਪਰਦੇ ਵਿੱਚ ਮੈਨੂੰ ਛਿਪਾਵੇਗਾ, ਉਹ ਮੈਨੂੰ ਚੱਟਾਨ ਤੇ ਉੱਚਾ ਕਰੇਗਾ। ਹੁਣ ਮੇਰਾ ਸਿਰ ਮੇਰੇ ਆਲੇ-ਦੁਆਲੇ ਦੇ ਵੈਰੀਆਂ ਦੇ ਉੱਤੇ ਉੱਚਾ ਕੀਤਾ ਜਾਵੇਗਾ, ਅਤੇ ਉਹ ਦੇ ਤੰਬੂ ਵਿੱਚ ਮੈਂ ਜੈ-ਜੈਕਾਰ ਦੇ ਚੜ੍ਹਾਵੇ ਚੜ੍ਹਾਵਾਂਗਾ, ਮੈਂ ਗਾਵਾਂਗਾ, ਮੈਂ ਯਹੋਵਾਹ ਦੇ ਜ਼ਬੂਰ ਗਾਵਾਂਗਾ। … "ਮੇਰੇ ਦਰਸ਼ਣ ਦੀ ਖੋਜ ਕਰੋ," ਤਾਂ ਮੇਰੇ ਮਨ ਨੇ ਤੈਨੂੰ ਆਖਿਆ, ਹੇ ਯਹੋਵਾਹ, ਮੈਂ ਤੇਰੇ ਦਰਸ਼ਣ ਦੀ ਖੋਜ ਕਰਾਂਗਾ। ਆਪਣਾ ਮੁੱਖ ਮੇਰੇ ਤੋਂ ਨਾ ਲੁਕਾ, ਆਪਣੇ ਦਾਸ ਨੂੰ ਕ੍ਰੋਧ ਨਾਲ ਦੂਰ ਨਾ ਕਰ, ਤੂੰ ਮੇਰਾ ਸਹਾਇਕ ਰਿਹਾ ਹੈਂ, ਨਾ ਮੈਨੂੰ ਛੱਡ, ਨਾ ਮੈਨੂੰ ਤਿਆਗ, ਹੇ ਮੇਰੇ ਮੁਕਤੀ ਦੇ ਪਰਮੇਸ਼ੁਰ! ਜਦ ਮੇਰੇ ਮਾਤਾ-ਪਿਤਾ ਮੈਨੂੰ ਤਿਆਗ ਦੇਣ, ਤਦ ਯਹੋਵਾਹ ਮੈਨੂੰ ਸੰਭਾਲੇਗਾ। … ਯਹੋਵਾਹ ਨੂੰ ਉਡੀਕ, ਤਕੜਾ ਹੋ ਅਤੇ ਤੇਰਾ ਮਨ ਦਲੇਰ ਹੋਵੇ, ਹਾਂ, ਯਹੋਵਾਹ ਨੂੰ ਹੀ ਉਡੀਕ!

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 29:2-3, 7-11 (IRV)

# ਜਲਾਲ ਦਾ ਪਰਮੇਸ਼ੁਰ ਗਰਜਦਾ ਹੈ... ਯਹੋਵਾਹ ਆਪਣੀ ਪਰਜਾ ਨੂੰ ਬਲ ਦੇਵੇਗਾ, ਯਹੋਵਾਹ ਆਪਣੀ ਪਰਜਾ ਨੂੰ ਸ਼ਾਂਤੀ ਦੀ ਬਰਕਤ ਬਖ਼ਸ਼ੇਗਾ

---

ਮਹਿਮਾ ਯਹੋਵਾਹ ਦੇ ਨਾਮ ਦੀ ਮੰਨੋ, ਪਵਿੱਤਰ ਬਸਤਰ ਵਿੱਚ ਯਹੋਵਾਹ ਨੂੰ ਮੱਥਾ ਟੇਕੋ। ਯਹੋਵਾਹ ਦੀ ਅਵਾਜ਼ ਪਾਣੀਆਂ ਉੱਤੇ ਹੈ, ਜਲਾਲ ਦਾ ਪਰਮੇਸ਼ੁਰ ਗਰਜਦਾ ਹੈ, ਯਹੋਵਾਹ ਵੱਡੇ ਪਾਣੀਆਂ ਉੱਤੇ ਗਰਜਦਾ ਹੈ। … ਯਹੋਵਾਹ ਦੀ ਅਵਾਜ਼ ਅੱਗ ਦੀਆਂ ਲਾਟਾਂ ਨੂੰ ਪਾੜਦੀ ਹੈ, ਯਹੋਵਾਹ ਦੀ ਅਵਾਜ਼ ਉਜਾੜ ਹਿਲਾਉਂਦੀ ਹੈ, ਯਹੋਵਾਹ ਕਾਦੇਸ਼ ਦੀ ਉਜਾੜ ਨੂੰ ਹਿਲਾਉਂਦਾ ਹੈ! ਯਹੋਵਾਹ ਦੀ ਅਵਾਜ਼ ਨਾਲ ਹਰਨੀਆਂ ਨੂੰ ਗਰਭ ਹੁੰਦਾ ਹੈ, ਅਤੇ ਜੰਗਲਾਂ ਨੂੰ ਝਾੜ ਸੁੱਟਦੀ ਹੈ, ਅਤੇ ਉਸ ਦੀ ਹੈਕਲ ਵਿੱਚ ਹਰ ਇੱਕ ਆਖਦਾ ਹੈ “ਮਹਿਮਾ!” ਯਹੋਵਾਹ ਜਲ ਪਰਲੋ ਉੱਤੇ ਬੈਠਾ ਹੈ, ਅਤੇ ਯਹੋਵਾਹ ਸਦਾ ਲਈ ਪਾਤਸ਼ਾਹ ਹੋ ਕੇ ਬੈਠਦਾ ਹੈ। ਯਹੋਵਾਹ ਆਪਣੀ ਪਰਜਾ ਨੂੰ ਬਲ ਦੇਵੇਗਾ, ਯਹੋਵਾਹ ਆਪਣੀ ਪਰਜਾ ਨੂੰ ਸ਼ਾਂਤੀ ਦੀ ਬਰਕਤ ਬਖ਼ਸ਼ੇਗਾ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਮਰਕੁਸ ਦੀ ਇੰਜੀਲ *9:23-26, 29; 1:27 (IRV)*

# ਮੈਂ ਵਿਸ਼ਵਾਸ ਕਰਦਾ ਹਾਂ, ਤੁਸੀਂ ਮੇਰੇ ਅਵਿਸ਼ਵਾਸ ਦਾ ਹੱਲ ਕਰੋ!… ਪ੍ਰਾਰਥਨਾ ਅਤੇ ਵਰਤ ਤੋਂ ਬਿਨ੍ਹਾਂ ਨਹੀਂ ਨਿੱਕਲ ਸਕਦੇ

---

ਯਿਸੂ ਨੇ ਉਹ ਨੂੰ ਆਖਿਆ, ਜੇ ਤੁਸੀਂ ਕਰ ਸਕਦੇ ਹੋ ਇਹ ਕੀ ਗੱਲ ਹੈ! ਵਿਸ਼ਵਾਸ ਕਰਨ ਵਾਲਿਆਂ ਦੇ ਲਈ ਸੱਭੋ ਕੁਝ ਹੋ ਸਕਦਾ ਹੈ। ਉਸੇ ਵੇਲੇ ਉਸ ਬਾਲਕ ਦਾ ਪਿਤਾ ਉੱਚੀ ਅਵਾਜ਼ ਨਾਲ ਕਹਿਣ ਲੱਗਾ, ਮੈਂ ਵਿਸ਼ਵਾਸ ਕਰਦਾ ਹਾਂ, ਤੁਸੀਂ ਮੇਰੇ ਅਵਿਸ਼ਵਾਸ ਦਾ ਹੱਲ ਕਰੋ! ਜਦੋਂ ਯਿਸੂ ਨੇ ਵੇਖਿਆ ਕਿ ਲੋਕ ਦੌੜ ਕੇ ਇਕੱਠੇ ਹੁੰਦੇ ਜਾਂਦੇ ਹਨ ਤਦ ਉਹ ਨੇ ਅਸ਼ੁੱਧ ਆਤਮਾ ਨੂੰ ਝਿੜਕਿਆ ਅਤੇ ਉਸ ਨੂੰ ਕਿਹਾ, ਹੇ ਗੂੰਗੀ ਬੋਲੀ ਆਤਮਾ ਮੈਂ ਤੈਨੂੰ ਹੁਕਮ ਦਿੰਦਾ ਹਾਂ ਜੋ ਇਸ ਵਿੱਚੋਂ ਨਿੱਕਲ ਜਾ ਅਤੇ ਫੇਰ ਕਦੇ ਇਸ ਵਿੱਚ ਨਾ ਵੜੀਂ! ਤਾਂ ਉਹ ਚੀਕ ਮਾਰ ਕੇ ਅਤੇ ਉਹ ਨੂੰ ਬਹੁਤ ਮਰੋੜ ਮਰਾੜ ਕੇ ਉਸ ਵਿੱਚੋਂ ਨਿੱਕਲ ਗਈ। … ਉਸ ਨੇ ਉਨ੍ਹਾਂ ਨੂੰ ਕਿਹਾ ਕਿ ਅਜਿਹੀ ਕਿਸਮ ਦੇ ਬੁਰੇ ਆਤਮੇ, ਪ੍ਰਾਰਥਨਾ ਅਤੇ ਵਰਤ ਤੋਂ ਬਿਨ੍ਹਾਂ ਨਹੀਂ ਨਿੱਕਲ ਸਕਦੇ। … ਅਤੇ ਉਹ ਸਾਰੇ ਲੋਕ ਇਸ ਗੱਲ ਤੋਂ ਹੈਰਾਨ ਹੋਏ ਕਿ ਆਪਸ ਵਿੱਚ ਚਰਚਾ ਕਰਨ ਲੱਗੇ ਜੋ ਇਹ ਕੀ ਗੱਲ ਹੈ? ਇਹ ਤਾਂ ਕੋਈ ਨਵੀਂ ਸਿੱਖਿਆ ਹੈ! ਉਹ ਤਾਂ ਅਸ਼ੁੱਧ ਆਤਮਾਵਾਂ ਨੂੰ ਅਧਿਕਾਰ ਨਾਲ ਹੁਕਮ ਦਿੰਦਾ ਹੈ, ਅਤੇ ਉਹ ਉਸ ਦੀ ਮੰਨ ਲੈਂਦੇ ਹਨ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਜ਼ਬੂਰ 22:1, 16-18, 26, 29, 31 (IRV)

# ਯਹੋਵਾਹ ਦੇ ਖੋਜੀ ਉਸ ਦੀ ਉਸਤਤ ਕਰਨਗੇ, ਉਹਨਾਂ ਦਾ ਮਨ ਸਦਾ ਜਿਉਂਦਾ ਰਹੇ!

---

ਹੇ ਮੇਰੇ ਪਰਮੇਸ਼ੁਰ, ਹੇ ਮੇਰੇ ਪਰਮੇਸ਼ੁਰ, ਤੂੰ ਮੈਨੂੰ ਕਿਉਂ ਛੱਡ ਦਿੱਤਾ ਹੈ? ਅਤੇ ਮੇਰੇ ਬਚਾਉਣ ਤੋਂ ਅਤੇ ਮੇਰੀਆਂ ਭੁੱਬਾਂ ਦੇ ਸ਼ਬਦਾਂ ਤੋਂ ਕਿਉਂ ਦੂਰ ਰਹਿੰਦਾ ਹੈ? … ਕਿਉਂ ਜੋ ਕੁੱਤਿਆਂ ਨੇ ਮੈਨੂੰ ਘੇਰ ਲਿਆ ਹੈ, ਕੁਕਰਮੀਆਂ ਦੀ ਟੋਲੀ ਨੇ ਮੈਨੂੰ ਘੇਰਾ ਪਾ ਲਿਆ ਹੈ, ਉਨ੍ਹਾਂ ਨੇ ਮੇਰੇ ਹੱਥ-ਪੈਰ ਵਿੰਨ੍ਹ ਸੁੱਟੇ ਹਨ। ਮੈਂ ਆਪਣੀਆਂ ਸਾਰੀਆਂ ਹੱਡੀਆਂ ਗਿਣ ਸਕਦਾ ਹਾਂ, ਓਹ ਮੈਨੂੰ ਘੂਰ-ਘੂਰ ਕੇ ਵੇਖਦੇ ਹਨ। ਓਹ ਮੇਰੇ ਕੱਪੜੇ ਆਪਸ ਵਿੱਚ ਵੰਡ ਲੈਂਦੇ ਹਨ, ਅਤੇ ਮੇਰੇ ਲਿਬਾਸ ਉੱਤੇ ਪਰਚੀਆਂ ਸੁੱਟਦੇ ਹਨ। … ਨਮਰ ਲੋਕ ਖਾਣਗੇ ਅਤੇ ਤ੍ਰਿਪਤ ਹੋਣਗੇ, ਯਹੋਵਾਹ ਦੇ ਖੋਜੀ ਉਸ ਦੀ ਉਸਤਤ ਕਰਨਗੇ, ਉਹਨਾਂ ਦਾ ਮਨ ਸਦਾ ਜਿਉਂਦਾ ਰਹੇ! … ਧਰਤੀ ਦੇ ਸਾਰੇ ਮੇਰੇ ਲੋਕ ਖਾਣਗੇ ਅਤੇ ਉਹ ਨੂੰ ਮੱਥਾ ਟੇਕਣਗੇ, ਓਹ ਸੱਭੇ ਜੋ ਮਰ ਮਿਟਦੇ ਹਨ ਉਹ ਦੇ ਅੱਗੇ ਝੁਕਣਗੇ, ਅਤੇ ਕੋਈ ਆਪਣੀ ਜਾਨ ਜਿਉਂਦੀ ਨਹੀਂ ਰੱਖ ਸਕਦਾ। … ਓਹ ਆਉਣਗੇ ਅਤੇ ਉਹ ਦਾ ਧਰਮ ਜਨਮ ਲੈਣ ਵਾਲੀ ਪਰਜਾ ਨੂੰ ਦੱਸਣਗੇ, ਕਿ ਉਹ ਨੇ ਹੀ ਇਹ ਕੀਤਾ ਹੈ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਸਰੇਸ਼ਟ ਗੀਤ 8:6-7; 2:15-16 (IRV)

# ਮੈਨੂੰ ਆਪਣੇ ਦਿਲ ਉੱਤੇ ਮੋਹਰ ਵਾਂਗੂੰ ਰੱਖ... ਪ੍ਰੇਮ ਮੌਤ ਵਰਗਾ ਬਲਵਾਨ ਹੈ, ਈਰਖਾ ਪਤਾਲ ਵਾਂਗੂੰ ਕਠੋਰ ਹੈ

---

ਮੈਨੂੰ ਆਪਣੇ ਦਿਲ ਉੱਤੇ ਮੋਹਰ ਵਾਂਗੂੰ ਰੱਖ, ਆਪਣੀ ਬਾਂਹ ਉੱਤੇ ਮੋਹਰ ਵਾਂਗੂੰ ਬੰਨ੍ਹ, ਕਿਉਂ ਜੋ ਪ੍ਰੇਮ ਮੌਤ ਵਰਗਾ ਬਲਵਾਨ ਹੈ, ਈਰਖਾ ਪਤਾਲ ਵਾਂਗੂੰ ਕਠੋਰ ਹੈ, ਉਸ ਦੀਆਂ ਲਾਟਾਂ ਅੱਗ ਦੀਆਂ ਲਾਟਾਂ ਹਨ, ਸਗੋਂ ਪਰਮੇਸ਼ੁਰ ਦੀ ਅੱਗ ਦੀਆਂ ਲਾਟਾਂ ਹਨ। ਬਹੁਤੇ ਪਾਣੀ ਪ੍ਰੇਮ ਨੂੰ ਬੁਝਾ ਨਹੀਂ ਸਕਦੇ, ਨਾ ਹੜ੍ਹ ਉਹ ਨੂੰ ਦੱਬ ਸਕਦੇ ਹਨ। ਜੇ ਕੋਈ ਆਪਣੇ ਘਰ ਦਾ ਸਾਰਾ ਧਨ ਪ੍ਰੇਮ ਦੇ ਬਦਲੇ ਦੇ ਦਿੰਦਾ, ਤਾਂ ਉਹ ਉਸ ਨੂੰ ਅੱਤ ਤੁੱਛ ਜਾਣਦਾ। ... ਸਾਡੇ ਲਈ ਲੂੰਬੜੀਆਂ ਨੂੰ ਸਗੋਂ ਛੋਟੀਆਂ ਲੂੰਬੜੀਆਂ ਨੂੰ ਫੜੋ, ਜੋ ਅੰਗੂਰੀ ਬਾਗ਼ ਨੂੰ ਖ਼ਰਾਬ ਕਰਦੀਆਂ ਹਨ, ਸਾਡੇ ਅੰਗੂਰੀ ਬਾਗ਼ ਤਾਂ ਖਿੜ ਰਹੇ ਹਨ। ਮੇਰਾ ਬਾਲਮ ਮੇਰਾ ਹੈ ਅਤੇ ਮੈਂ ਉਸ ਦੀ ਹਾਂ, ਉਹ ਸੋਸਨਾਂ ਵਿੱਚ ਚਾਰਦਾ ਹੈ।



*Indian Revised Version · CC BY-SA 4.0 · Bridge Connectivity Solutions*

ਵਿਰਲਾਪ 3:22-23, 25-26, 28-29, 32 (IRV)

# ਜੋ ਯਹੋਵਾਹ ਨੂੰ ਉਡੀਕਦਾ ਹੈ, ਅਤੇ ਜਿਸ ਦੀ ਜਾਨ ਉਸ ਨੂੰ ਭਾਲਦੀ ਹੈ, ਉਸ ਦੇ ਲਈ ਯਹੋਵਾਹ ਭਲਾ ਹੈ

ਇਹ ਯਹੋਵਾਹ ਦੀ ਅੱਤ ਦਯਾ ਹੈ ਕਿ ਅਸੀਂ ਮੁੱਕ ਨਹੀਂ ਗਏ, ਕਿਉਂ ਜੋ ਉਸ ਦੀ ਦਯਾ ਅਟੁੱਟ ਹੈ! ਉਹ ਹਰ ਸਵੇਰ ਨੂੰ ਨਵੀਂ ਹੁੰਦੀ ਜਾਂਦੀ ਹੈ, ਤੇਰੀ ਵਫ਼ਾਦਾਰੀ ਵੱਡੀ ਮਹਾਨ ਹੈ। … ਜੋ ਯਹੋਵਾਹ ਨੂੰ ਉਡੀਕਦਾ ਹੈ, ਅਤੇ ਜਿਸ ਦੀ ਜਾਨ ਉਸ ਨੂੰ ਭਾਲਦੀ ਹੈ, ਉਸ ਦੇ ਲਈ ਯਹੋਵਾਹ ਭਲਾ ਹੈ। ਭਲਾ ਹੈ ਕਿ ਮਨੁੱਖ ਚੁੱਪ-ਚਾਪ ਯਹੋਵਾਹ ਦੇ ਬਚਾਓ ਲਈ ਆਸ ਰੱਖੇ। … ਉਹ ਇਕੱਲਾ ਅਤੇ ਚੁੱਪ ਰਹੇ, ਕਿਉਂ ਜੋ ਪਰਮੇਸ਼ੁਰ ਨੇ ਹੀ ਇਹ ਜੂਲਾ ਉਸ ਦੇ ਉੱਤੇ ਪਾਇਆ ਹੈ। ਉਹ ਆਪਣਾ ਮੂੰਹ ਮਿੱਟੀ ਵਿੱਚ ਰੱਖੇ, ਸ਼ਾਇਦ ਕੁਝ ਆਸ ਹੋਵੇ! … ਭਾਵੇਂ ਉਹ ਦੁੱਖ ਵੀ ਦੇਵੇ, ਤਾਂ ਵੀ ਉਹ ਆਪਣੀ ਵੱਡੀ ਦਯਾ ਅਨੁਸਾਰ ਰਹਿਮ ਵੀ ਕਰੇਗਾ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਹੋਸ਼ੇਆ 2:2, 13, 8, 14, 19-20; 6:6 (IRV)

# ਉਹ ਆਪਣੇ ਵਿਭਚਾਰ ਨੂੰ ਆਪਣੇ ਅੱਗਿਓਂ ਅਤੇ ਆਪਣੀ ਬੇਵਫ਼ਾਈ ਨੂੰ ਆਪਣੀਆਂ ਛਾਤੀਆਂ ਵਿੱਚੋਂ ਦੂਰ ਕਰੇ!

ਆਪਣੀ ਮਾਂ ਦੇ ਨਾਲ ਝਗੜਾ ਕਰੋ! ਉਹ ਤਾਂ ਮੇਰੀ ਪਤਨੀ ਨਹੀਂ ਹੈ ਅਤੇ ਨਾ ਮੈਂ ਉਹ ਦਾ ਪਤੀ ਹਾਂ। ਉਹ ਆਪਣੇ ਵਿਭਚਾਰ ਨੂੰ ਆਪਣੇ ਅੱਗਿਓਂ ਅਤੇ ਆਪਣੀ ਬੇਵਫ਼ਾਈ ਨੂੰ ਆਪਣੀਆਂ ਛਾਤੀਆਂ ਵਿੱਚੋਂ ਦੂਰ ਕਰੇ! ... ਮੈਂ ਉਹ ਦੇ ਉੱਤੇ ਬਆਲਾਂ ਦੇ ਦਿਨਾਂ ਦੀ ਸਜ਼ਾ ਲਿਆਵਾਂਗਾ, ਜਿਨ੍ਹਾਂ ਦੇ ਲਈ ਉਸ ਨੇ ਧੂਪ ਧੁਖਾਈ, ਅਤੇ ਬਾਲ਼ੀਆਂ ਤੇ ਗਹਿਣਿਆਂ ਨਾਲ ਸੱਜ ਕੇ ਉਹ ਆਪਣੇ ਪ੍ਰੇਮੀਆਂ ਦੇ ਪਿੱਛੇ ਗਈ, ਪਰ ਮੈਨੂੰ ਭੁੱਲ ਗਈ, ਯਹੋਵਾਹ ਦਾ ਵਾਕ ਹੈ। ... ਉਹ ਨੇ ਨਾ ਜਾਣਿਆ ਕਿ ਮੈਂ ਹੀ ਉਹ ਨੂੰ ਅੰਨ, ਨਵੀਂ ਮੈਅ ਅਤੇ ਤੇਲ ਦਿੰਦਾ ਸੀ, ਅਤੇ ਉਹ ਨੂੰ ਚਾਂਦੀ ਸੋਨਾ ਵਾਫ਼ਰ ਦਿੰਦਾ ਰਿਹਾ, ਜਿਹੜਾ ਉਹਨਾਂ ਨੇ ਬਆਲ ਲਈ ਵਰਤਿਆ! ... ਇਸ ਲਈ ਵੇਖ, ਮੈਂ ਉਹ ਨੂੰ ਮੋਹ ਲਵਾਂਗਾ, ਅਤੇ ਉਹ ਨੂੰ ਉਜਾੜ ਵਿੱਚ ਲੈ ਜਾਂਵਾਂਗਾ, ਅਤੇ ਮੈਂ ਉਹ ਦੇ ਨਾਲ ਦਿਲ ਲੱਗੀ ਦੀਆਂ ਗੱਲਾਂ ਕਰਾਂਗਾ। ... ਮੈਂ ਤੈਨੂੰ ਸਦਾ ਲਈ ਆਪਣੀ ਦੁਲਹਨ ਬਣਾ ਲਵਾਂਗਾ, ਹਾਂ, ਧਰਮ, ਇਨਸਾਫ਼, ਦਯਾ ਅਤੇ ਰਹਿਮ ਨਾਲ ਮੈਂ ਤੈਨੂੰ ਆਪਣੀ ਦੁਲਹਨ ਬਣਾਵਾਂਗਾ, ਮੈਂ ਤੈਨੂੰ ਵਫ਼ਾਦਾਰੀ ਨਾਲ ਆਪਣੀ ਦੁਲਹਨ ਬਣਾਵਾਂਗਾ, ਅਤੇ ਤੂੰ ਯਹੋਵਾਹ ਨੂੰ ਜਾਣੇਂਗੀ। ... ਮੈਂ ਬਲੀਦਾਨ ਨਹੀਂ ਸਗੋਂ ਦਯਾ ਚਾਹੁੰਦਾ ਹਾਂ, ਅਤੇ ਪਰਮੇਸ਼ੁਰ ਦਾ ਗਿਆਨ ਹੋਮ ਬਲੀਆਂ ਨਾਲੋਂ ਵਧ ਕੇ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਆਮੋਸ 5:21-24 (IRV)

# ਨਿਆਂ ਨੂੰ ਨਦੀ ਦੀ ਤਰ੍ਹਾਂ ਅਤੇ ਧਰਮ ਨੂੰ ਬਾਰ੍ਹਾਂ-ਮਾਸੀ ਨਦੀ ਦੀ ਤਰ੍ਹਾਂ ਵਗਣ ਦਿਓ!



ਮੈਂ ਤੁਹਾਡੇ ਪਰਬਾਂ ਤੋਂ ਵੈਰ ਰੱਖਦਾ ਅਤੇ ਘਿਰਣਾ ਕਰਦਾ ਹਾਂ ਅਤੇ ਤੁਹਾਡੀਆਂ ਮਹਾਂਸਭਾਵਾਂ ਨੂੰ ਪਸੰਦ ਨਹੀਂ ਕਰਦਾ! ਭਾਵੇਂ ਤੁਸੀਂ ਮੈਨੂੰ ਹੋਮ ਬਲੀਆਂ ਅਤੇ ਮੈਦੇ ਦੀਆਂ ਭੇਟਾਂ ਚੜ੍ਹਾਓ, ਤਾਂ ਵੀ ਮੈਂ ਉਹਨਾਂ ਨੂੰ ਕਬੂਲ ਨਹੀਂ ਕਰਾਂਗਾ ਅਤੇ ਤੁਹਾਡੇ ਪਲੇ ਹੋਏ ਪਸ਼ੂਆਂ ਦੀਆਂ ਸੁੱਖ-ਸਾਂਦ ਦੀਆਂ ਬਲੀਆਂ ਉੱਤੇ ਮੈਂ ਧਿਆਨ ਨਹੀਂ ਦੇਵਾਂਗਾ। ਆਪਣੇ ਗੀਤਾਂ ਦਾ ਰੌਲ਼ਾ ਮੇਰੇ ਤੋਂ ਦੂਰ ਕਰੋ, ਤੁਹਾਡੇ ਰਬਾਬਾਂ ਦਾ ਸੁਰ ਮੈਂ ਨਹੀਂ ਸੁਣਾਂਗਾ। ਪਰ ਨਿਆਂ ਨੂੰ ਨਦੀ ਦੀ ਤਰ੍ਹਾਂ ਅਤੇ ਧਰਮ ਨੂੰ ਬਾਰ੍ਹਾਂ-ਮਾਸੀ ਨਦੀ ਦੀ ਤਰ੍ਹਾਂ ਵਗਣ ਦਿਓ!

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਸਫ਼ਨਯਾਹ 1:14-15; 3:17 (IRV)

# ਬਰਬਾਦੀ ਅਤੇ ਵਿਰਾਨੀ ਦਾ ਦਿਨ... ਯਹੋਵਾਹ ਤੇਰਾ ਪਰਮੇਸ਼ੁਰ ਤੇਰੇ ਵਿਚਕਾਰ ਹੈ, ਉਹ ਬਚਾਉਣ ਵਿੱਚ ਸਮਰੱਥੀ ਹੈ... ਉਹ ਉੱਚੀ ਅਵਾਜ਼ ਨਾਲ ਗਾਉਂਦਾ ਹੋਇਆ ਤੇਰੇ ਕਾਰਨ ਮਗਨ ਹੋਵੇਗਾ



ਯਹੋਵਾਹ ਦਾ ਮਹਾਨ ਦਿਨ ਨੇੜੇ ਹੈ, ਉਹ ਨੇੜੇ ਹੈ ਅਤੇ ਬਹੁਤ ਛੇਤੀ ਨਾਲ ਆਉਂਦਾ ਹੈ, ਹਾਂ, ਯਹੋਵਾਹ ਦੇ ਦਿਨ ਦੀ ਅਵਾਜ਼ ਸੁਣਾਈ ਦਿੰਦੀ ਹੈ। ਉੱਥੇ ਸੂਰਮਾ ਕੁੜੱਤਣ ਨਾਲ ਚਿੱਲਾਵੇਗਾ! ਉਹ ਦਿਨ ਕਹਿਰ ਦਾ ਦਿਨ ਹੈ, ਦੁੱਖ ਅਤੇ ਕਸ਼ਟ ਦਾ ਦਿਨ, ਬਰਬਾਦੀ ਅਤੇ ਵਿਰਾਨੀ ਦਾ ਦਿਨ, ਹਨੇਰੇ ਅਤੇ ਅੰਧਕਾਰ ਦਾ ਦਿਨ, ਬੱਦਲ ਅਤੇ ਕਾਲੀਆਂ ਘਟਾਂ ਦਾ ਦਿਨ! ... ਯਹੋਵਾਹ ਤੇਰਾ ਪਰਮੇਸ਼ੁਰ ਤੇਰੇ ਵਿਚਕਾਰ ਹੈ, ਉਹ ਬਚਾਉਣ ਵਿੱਚ ਸਮਰੱਥੀ ਹੈ, ਉਹ ਅਨੰਦ ਨਾਲ ਤੇਰੇ ਉੱਤੇ ਖੁਸ਼ ਹੋਵੇਗਾ, ਉਹ ਆਪਣੇ ਪ੍ਰੇਮ ਨੂੰ ਤਾਜ਼ਾ ਕਰੇਗਾ, ਉਹ ਉੱਚੀ ਅਵਾਜ਼ ਨਾਲ ਗਾਉਂਦਾ ਹੋਇਆ ਤੇਰੇ ਕਾਰਨ ਮਗਨ ਹੋਵੇਗਾ।

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*

ਹਬੱਕੂਕ 3:16-19 (IRV)

# ਖੇਤਾਂ ਵਿੱਚ ਅੰਨ ਨਾ ਉਪਜੇ... ਮੈਂ ਯਹੋਵਾਹ ਵਿੱਚ ਅਨੰਦ ਅਤੇ ਮਗਨ ਹੋਵਾਂਗਾ, ਮੈਂ ਆਪਣੇ ਮੁਕਤੀਦਾਤੇ ਪਰਮੇਸ਼ੁਰ ਵਿੱਚ ਖੁਸ਼ੀ ਮਨਾਵਾਂਗਾ

---

ਮੈਂ ਸੁਣਿਆ ਅਤੇ ਮੇਰਾ ਕਾਲਜਾ ਕੰਬਣ ਲੱਗਾ, ਉਸ ਦੀ ਅਵਾਜ਼ ਤੋਂ ਮੇਰੇ ਬੁੱਲ੍ਹ ਥਰਥਰਾ ਗਏ, ਮੇਰੀਆਂ ਹੱਡੀਆਂ ਸੜਨ ਲੱਗੀਆਂ, ਮੈਂ ਆਪਣੇ ਸਥਾਨ ਤੇ ਖੜ੍ਹਾ-ਖੜ੍ਹਾ ਕੰਬਣ ਲੱਗਾ, ਇਸ ਲਈ ਮੈਂ ਅਰਾਮ ਨਾਲ ਬਿਪਤਾ ਦੇ ਦਿਨ ਨੂੰ ਉਡੀਕਾਂਗਾ, ਜੋ ਉਹ ਉਹਨਾਂ ਲੋਕਾਂ ਉੱਤੇ ਆਵੇ, ਜੋ ਸਾਡੇ ਉੱਤੇ ਚੜ੍ਹਾਈ ਕਰਦੇ ਹਨ। ਭਾਵੇਂ ਹੰਜ਼ੀਰ ਦੇ ਰੁੱਖ ਨਾ ਫਲਣ, ਨਾ ਅੰਗੂਰੀ ਵੇਲਾਂ ਉੱਤੇ ਫਲ ਹੋਵੇ, ਭਾਵੇਂ ਜ਼ੈਤੂਨ ਦੇ ਰੁੱਖ ਦੀ ਪੈਦਾਵਾਰ ਘਟੇ, ਅਤੇ ਖੇਤਾਂ ਵਿੱਚ ਅੰਨ ਨਾ ਉਪਜੇ, ਭਾਵੇਂ ਇੱਜੜ ਵਾੜੇ ਵਿੱਚੋਂ ਘੱਟ ਜਾਣ, ਅਤੇ ਖੁਰਲੀਆਂ ਉੱਤੇ ਵੱਗ ਨਾ ਹੋਣ, ਤਾਂ ਵੀ ਮੈਂ ਯਹੋਵਾਹ ਵਿੱਚ ਅਨੰਦ ਅਤੇ ਮਗਨ ਹੋਵਾਂਗਾ, ਮੈਂ ਆਪਣੇ ਮੁਕਤੀਦਾਤੇ ਪਰਮੇਸ਼ੁਰ ਵਿੱਚ ਖੁਸ਼ੀ ਮਨਾਵਾਂਗਾ। ਪ੍ਰਭੂ ਯਹੋਵਾਹ ਮੇਰਾ ਬਲ ਹੈ, ਉਹ ਮੇਰੇ ਪੈਰ ਹਰਨੀਆਂ ਵਰਗੇ ਬਣਾਉਂਦਾ ਹੈ, ਅਤੇ ਮੈਨੂੰ ਉੱਚਿਆਈਆਂ ਉੱਤੇ ਤੋਰਦਾ ਹੈ! (ਸਾਜ ਵਜਾਉਣ ਵਾਲੇ ਲਈ ਮੇਰੇ ਤਾਰ ਵਾਲੇ ਵਾਜਿਆਂ ਉੱਤੇ)

*Spiritual Warfare Cards.com*

*Indian Revised Version · CC BY-SA 4.0 · Bridge Connectivity Solutions*